ਬਾਣੀ ਮਹਲਾ ੯

(ਸੰਥਿਆ ਪੋਥੀ)

ਇਸ ਗੁਟਕੇ ਦੀ ਸੁਧਾਈ ਪੁਰਾਤਨ ਪੋਥੀਆਂ ਅਤੇ
ਹੱਥ ਲਿਖਤ ਸਰੂਪਾਂ ਦੇ ਅਧਾਰ ਤੇ ਕੀਤੀ ਗਈ ਹੈ।

ਤੇਗ ਦੇ ਧਨੀ, ਮੱਨੁਖਤਾ ਦੇ ਰੱਖਿਅਕ, ਜ਼ੁਲਮ ਦੀ ਈਨ ਨਾ ਮੰਨਣ ਵਾਲੇ, ਸਮੁੱਚੀ ਸ੍ਰਿਸ਼ਟੀ ਦੀ ਚਾਦਰ, ਨੌਵੇਂ ਨਾਨਕ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਜਿਨ੍ਹਾਂ ਨੇ ਨਿਰਵੈਰ ਦਾ ਸਿਧਾਂਤ ਦ੍ਰਿੜ ਕਰਵਾਇਆ, ਸਤਿਗੁਰਾਂ ਦੇ ੪੦੦ ਸਾਲਾਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਬਾਣੀ ਦੀ ਸੇਵਾ।

ਪੋਥੀ ਸੇਵਾ:

ਭਾਈ ਅਮਨਜੋਤ ਸਿੰਘ ਜੀ (ਲੰਡਨ)

ਸੁਧਾਈ ਦੀ ਸੇਵਾ:

ਹੈੱਡ ਗ੍ਰੰਥੀ ਸੁਲਤਾਨਪੁਰ ਲੋਦੀ ਗਿਆਨੀ ਸੁਰਜੀਤ ਸਿੰਘ ਜੀ ਸਭਰਾ
(ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ)

ਪ੍ਰਕਾਸ਼ਕ:

ਵਰਲਡ ਸਿੱਖ ਪਾਰਲੀਮੈਂਟ

ਸੁਧਾਈ ਲਈ ਵਰਤੇ ਗਏ ਸ੍ਰੋਤ:

ਸੰਨ ੧੭੪੬ ਈ. ਦੀ ਹੱਥ ਲਿਖਤ ਪਾਵਨ ਬੀੜ
(ਹਵਾਲਾ: ਤਖਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਅਨੰਦਪੁਰ ਸਾਹਿਬ)

ਸੰਨ ੧੭੬੩ ਈ. ਦੀ ਹੱਥ ਲਿਖਤ ਪਾਵਨ ਬੀੜ
(ਹਵਾਲਾ: ਡਾ. ਵਿਕਰਮ ਸਿੰਘ, ਗੁਰਮਤਿ ਕਾਲਜ, ਡੇਰਾ ਬਾਬਾ ਜੱਸਾ ਜੀ, ਪਟਿਆਲਾ)

ਸੰਨ ੧੭੭੫ ਈ. ਦੀ ਹੱਥ ਲਿਖਤ ਪਾਵਨ ਬੀੜ
(ਹਵਾਲਾ: ਦਮਦਮੀ ਸਰੂਪ ਦੀ ਨਕਲ, ਲਹਿਰਾ ਮੁਹਬਤ)

ਸੰਨ ੧੮੨੩ ਈ. ਦੀ ਹੱਥ ਲਿਖਤ ਪਾਵਨ ਬੀੜ
(ਹਵਾਲਾ: ਪਿੰਡ ਲਾਂਗ, ਗੁਰਦੁਆਰਾ ਖਿਰਣੀ ਸਾਹਿਬ)

ਸੰਨ ੧੮੬੯ ਈ. ਦੀ ਹੱਥ ਲਿਖਤ ਪਾਵਨ ਬੀੜ
(ਹਵਾਲਾ: ਗੇਟ ਵਾਲਾ ਸਰਪੂ, ਪਟਿਆਲਾ)

ਪ੍ਰਾਚੀਨ ਹੱਥ ਲਿਖਤ ਪਾਵਨ ਬੀੜ
(ਹਵਾਲਾ: ਡਾ. ਮਾਨ ਸਿੰਘ ਨਿਰੰਕਾਰੀ, Punjab Digital Library)

ਮਨੋਹਰ ਸਿੰਘ ਮਾਰਕੋ, *'ਹਥ-ਲਿਖਤ ਪ੍ਰਾਚੀਨ ਬੀੜਾਂ ਦੀ ਪਰਿਕਰਮਾ'*

ਗਿਆਨੀ ਜੋਗਿੰਦਰ ਸਿੰਘ ਜੀ ਤਲਵਾੜਾ, *'ਬਾਣੀ ਮਹਲਾ ੯ ਸਟੀਕ'*

ਪ੍ਰੋਫੈਸਰ ਪਿਆਰਾ ਸਿੰਘ ਜੀ ਪਦਮ, *'ਤੇਗ ਬਹਾਦਰ ਸਿਮਰਿਐ'*

ਸ੍ਵਾਮੀ ਹਰਿਨਾਮ ਦਾਸ (ਉਦਾਸੀਨ ਵੈਦਜ), *'ਪੁਰਾਤਨਿ ਬੀੜਾਂ ਤੇ ਵਿਚਾਰ'*

ਪ੍ਰੋਫੈਸਰ ਸਾਹਿਬ ਸਿੰਘ ਜੀ, *'ਬਾਣੀ ਮਹਲਾ ੯ ਸਟੀਕ'*

ਗਿਆਨੀ ਹਰਿਬੰਸ ਸਿੰਘ, *'ਬਾਣੀ ਸ੍ਰੀ ਗੁਰੁ ਤੇਗ ਬਹਾਦਰ ਜੀ ਸਟੀਕ'*

ਪਿਆਰਾ ਸਿੰਘ ਪਦਮ, *'ਸ੍ਰੀ ਗੁਰੂ ਗ੍ਰੰਥ ਪ੍ਰਕਾਸ਼'*

ਤਿਲਕ ਜੰਞੂ ਰਾਖਾ ਪ੍ਰਭ ਤਾ ਕਾ ॥
ਕੀਨੋ ਬਡੋ ਕਲੂ ਮਹਿ ਸਾਕਾ ॥
ਸਾਧਨ ਹੇਤਿ ਇਤੀ ਜਿਨਿ ਕਰੀ ॥
ਸੀਸੁ ਦੀਆ ਪਰੁ ਸੀ ਨ ਉਚਰੀ ॥੧੩॥
ਧਰਮ ਹੇਤ ਸਾਕਾ ਜਿਨਿ ਕੀਆ ॥
ਸੀਸੁ ਦੀਆ ਪਰ ਸਿਰਰੁ ਨ ਦੀਆ ॥
ਨਾਟਕ ਚੇਟਕ ਕੀਏ ਕੁਕਾਜਾ ॥
ਪ੍ਰਭ ਲੋਗਨ ਕਹ ਆਵਤ ਲਾਜਾ ॥੧੪॥

(ਦਸਮ: ਪੰਨਾ ੫੪)

ਦੋਹਰਾ ॥

ਠੀਕਰ ਫੋਰਿ ਦਿਲੀਸ ਸਿਰਿ ਪ੍ਰਭ ਪੁਰਿ ਕੀਯਾ ਪਯਾਨ ॥
ਤੇਗ ਬਹਾਦਰ ਸੀ ਕ੍ਰਿਆ ਕਰੀ ਨ ਕਿਨਹੂੰ ਆਨ ॥੧੫॥
ਤੇਗ ਬਹਾਦਰ ਕੇ ਚਲਤ ਭਯੋ ਜਗਤ ਕੋ ਸੋਕ ॥
ਹੈ ਹੈ ਹੈ ਸਭ ਜਗ ਭਯੋ ਜੈ ਜੈ ਜੈ ਸੁਰ ਲੋਕ ॥੧੬॥

(ਦਸਮ: ਪੰਨਾ ੫੫)

ਤਤਕਰਾ

ਤਤਕਰਾ

ਰਾਗੁ ਗਉੜੀ

ੴ ਸਤਿ ਗੁਰਪ੍ਰਸਾਦਿ ॥

ਰਾਗੁ ਗਉੜੀ ਮਹਲਾ ੯ ॥

ਸਾਧੋ ਮਨ ਕਾ ਮਾਨੁ ਤਿਆਗਉ ॥ ਕਾਮੁ ਕ੍ਰੋਧੁ ਸੰਗਤਿ ਦੁਰਜਨ ਕੀ ਤਾ ਤੇ ਅਹਿਨਿਸਿ ਭਾਗਉ ॥੧॥ ਰਹਾਉ ॥ ਸੁਖੁ ਦੁਖੁ ਦੋਨੋ ਸਮ ਕਰਿ ਜਾਨੈ ਅਉਰੁ ਮਾਨੁ ਅਪਮਾਨਾ ॥ ਹਰਖ ਸੋਗ ਤੇ ਰਹੈ ਅਤੀਤਾ ਤਿਨਿ ਜਗਿ ਤਤੁ ਪਛਾਨਾ ॥੧॥ ਉਸਤਤਿ ਨਿੰਦਾ ਦੋਊ ਤਿਆਗੈ ਖੋਜੈ ਪਦੁ ਨਿਰਬਾਨਾ ॥ ਜਨ ਨਾਨਕ ਇਹੁ ਖੇਲੁ ਕਠਿਨੁ ਹੈ ਕਿਨਹੂੰ ਗੁਰਮੁਖਿ ਜਾਨਾ ॥੨॥੧॥ *

ਗਉੜੀ ਮਹਲਾ ੯ ॥

ਸਾਧੋ ਰਚਨਾ ਰਾਮਿ ਬਨਾਈ ॥ ਇਕਿ ਬਿਨਸੈ ਇਕਿ ਅਸਥਿਰੁ ਮਾਨੈ ਅਚਰਜੁ ਲਖਿਓ ਨ ਜਾਈ ॥੧॥ ਰਹਾਉ ॥ ਕਾਮ ਕ੍ਰੋਧ ਮੋਹ ਬਸਿ ਪ੍ਰਾਨੀ ਹਰਿ ਮੂਰਤਿ ਬਿਸਰਾਈ ॥ ਝੂਠਾ ਤਨੁ ਸਾਚਾ ਕਰਿ ਮਾਨਿਓ ਜਿਉ ਸੁਪਨਾ ਰੈਨਾਈ ॥੧॥ ਜੋ ਦੀਸੈ ਸੋ ਸਗਲ ਬਿਨਾਸੈ ਜਿਉ ਬਾਦਰ ਕੀ ਛਾਈ ॥ ਜਨ ਨਾਨਕ ਜਗੁ ਜਾਨਿਓ ਮਿਥਿਆ ਰਹਿਓ ਰਾਮ ਸਰਨਾਈ ॥੨॥੨॥

ਗਉੜੀ ਮਹਲਾ ੯ ॥

ਪ੍ਰਾਨੀ ਕਉ ਹਰਿ ਜਸੁ ਮਨਿ ਨਹੀ ਆਵੈ ॥ ਅਹਿਨਿਸਿ ਮਗਨੁ ਰਹੈ ਮਾਇਆ ਮਹਿ ਕਹੁ ਕੈਸੇ ਗੁਨ ਗਾਵੈ ॥੧॥ ਰਹਾਉ ॥ ਪੂਤ ਮੀਤ ਮਾਇਆ ਮਮਤਾ ਸਿਉ ਇਹ ਬਿਧਿ ਆਪੁ ਬੰਧਾਵੈ ॥ ਮ੍ਰਿਗ ਤ੍ਰਿਸਨਾ ਜਿਉ ਝੂਠੋ ਇਹੁ ਜਗੁ ਦੇਖਿ ਤਾਸਿ ਉਠਿ ਧਾਵੈ ॥੧॥ ਭੁਗਤਿ ਮੁਕਤਿ ਕਾ ਕਾਰਨੁ ਸੁਆਮੀ ਮੂੜ ਤਾਹਿ ਬਿਸਰਾਵੈ ॥ ਜਨ ਨਾਨਕ ਕੋਟਨ ਮਹਿ ਕੋਊ ਭਜਨੁ ਰਾਮ ਕੋ ਪਾਵੈ ॥੨॥੩॥

---

* **ਨੋਟ**:- ਗੁਰਬਾਣੀ ਦੀ ਲਗ-ਮਾਤ੍ਰੀ ਨਿਯਮਾਵਲੀ ਅਨੁਸਾਰ ਹੁਕਮੀ ਭਵਿੱਖਤ ਮੱਧਮ ਪੁਰਖ, ਬਹੁ-ਵਚਨ, ਕਿਰਿਆ ਦਾ ਸੱਮੁਚੀ ਗੁਰਬਾਣੀ ਵਿਚ ਬਹੁਤ ਕਰਕੇ ਸਰੂਪ 'ਉ' ਦੀ ਥਾਂ 'ਹੁ' ਅੰਕਿਤ ਹੈ, ਜਿਵੇਂ 'ਤਿਆਗਹੁ' ਅਤੇ 'ਭਾਗਹੁ'।

ਗਉੜੀ ਮਹਲਾ ੯ ॥

ਸਾਧੋ ਇਹੁ ਮਨੁ ਗਹਿਓ ਨ ਜਾਈ ॥ ਚੰਚਲ ਤ੍ਰਿਸਨਾ ਸੰਗਿ ਬਸਤੁ ਹੈ ਯਾ ਤੇ ਥਿਰੁ ਨ ਰਹਾਈ ॥੧॥ ਰਹਾਉ ॥ ਕਠਿਨ ਕਰੋਧੁ ਘਟ ਹੀ ਕੇ ਭੀਤਰਿ ਜਿਹ ਸੁਧਿ ਸਭ ਬਿਸਰਾਈ ॥ ਰਤਨੁ ਗਿਆਨੁ ਸਭ ਕੋ ਹਿਰਿ ਲੀਨਾ ਤਾ ਸਿਉ ਕਛੁ ਨ ਬਸਾਈ ॥੧॥ ਜੋਗੀ ਜਤਨ ਕਰਤ ਸਭਿ ਹਾਰੇ ਗੁਨੀ ਰਹੇ ਗੁਨ ਗਾਈ ॥ ਜਨ ਨਾਨਕ ਹਰਿ ਭਏ ਦਇਆਲਾ ਤਉ ਸਭ ਬਿਧਿ ਬਨਿ ਆਈ ॥੨॥੪॥

ਗਉੜੀ ਮਹਲਾ ੯ ॥

ਸਾਧੋ ਗੋਬਿੰਦ ਕੇ ਗੁਨ ਗਾਵਉ ॥ ਮਾਨਸ ਜਨਮੁ ਅਮੋਲਕੁ ਪਾਇਓ ਬਿਰਥਾ ਕਾਹਿ ਗਵਾਵਉ ॥੧॥ ਰਹਾਉ ॥ ਪਤਿਤ ਪੁਨੀਤ ਦੀਨ ਬੰਧੁ ਹਰਿ ਸਰਨਿ ਤਾਹਿ ਤੁਮ ਆਵਉ ॥ ਗਜ ਕੋ ਤ੍ਰਾਸੁ ਮਿਟਿਓ ਜਿਹ ਸਿਮਰਤ ਤੁਮ ਕਾਹੇ ਬਿਸਰਾਵਉ ॥੧॥ ਤਜਿ ਅਭਿਮਾਨੁ ਮੋਹੁ ਮਾਇਆ ਫੁਨਿ ਭਜਨਿ ਰਾਮ ਚਿਤੁ ਲਾਵਉ ॥ ਨਾਨਕ ਕਹਤੁ ਮੁਕਤਿ ਪੰਥੁ ਇਹੁ ਗੁਰਮੁਖਿ ਹੋਇ ਤੁਮ ਪਾਵਉ ॥੨॥੫॥

ਗਉੜੀ ਮਹਲਾ ੯ ॥

ਕੋਊ ਮਾਈ ਭੂਲਿਓ ਮਨੁ ਸਮਝਾਵੈ ॥ ਬੇਦ ਪੁਰਾਨ ਸਾਧ ਮਗ ਸੁਨਿ ਕਰਿ ਨਿਮਖ ਨ ਹਰਿ ਗੁਨ ਗਾਵੈ ॥੧॥ ਰਹਾਉ ॥ ਦੁਰਲਭ ਦੇਹ ਪਾਇ ਮਾਨਸ ਕੀ ਬਿਰਥਾ ਜਨਮੁ ਸਿਰਾਵੈ ॥ ਮਾਇਆ ਮੋਹ ਮਹਾ ਸੰਕਟ ਬਨ ਤਾ ਸਿਉ ਰੁਚ ਉਪਜਾਵੈ ॥੧॥ ਅੰਤਰਿ ਬਾਹਰਿ ਸਦਾ ਸੰਗਿ ਪ੍ਰਭੁ ਤਾ ਸਿਉ ਨੇਹੁ ਨ ਲਾਵੈ ॥ ਨਾਨਕ ਮੁਕਤਿ ਤਾਹਿ ਤੁਮ ਮਾਨਹੁ ਜਿਹ ਘਟਿ ਰਾਮੁ ਸਮਾਵੈ ॥੨॥੬॥

ਗਉੜੀ ਮਹਲਾ ੯ ॥

ਸਾਧੋ ਰਾਮ ਸਰਨਿ ਬਿਸਰਾਮਾ ॥ ਬੇਦ ਪੁਰਾਨ ਪੜੇ ਕੋ ਇਹੁ ਗੁਨੁ ਸਿਮਰੇ ਹਰਿ ਕੋ ਨਾਮਾ ॥੧॥ ਰਹਾਉ ॥ ਲੋਭੁ ਮੋਹੁ ਮਾਇਆ ਮਮਤਾ ਫੁਨਿ ਅਉ ਬਿਖਿਅਨ ਕੀ ਸੇਵਾ ॥ ਹਰਖੁ ਸੋਗੁ ਪਰਸੈ ਜਿਹ ਨਾਹਿਨ ਸੋ ਮੂਰਤਿ ਹੈ ਦੇਵਾ ॥੧॥ ਸੁਰਗੁ ਨਰਕੁ ਅੰਮ੍ਰਿਤੁ ਬਿਖੁ ਏ ਸਮ ਤਿਉ ਕੰਚਨੁ ਅਰੁ ਪੈਸਾ ॥ ਉਸਤਤਿ ਨਿੰਦਾ ਏ ਸਮ ਜਾ ਕੈ ਲੋਭੁ ਮੋਹੁ

ਫੁਨਿ ਤੈਸਾ ॥੨॥ ਦੁਖੁ ਸੁਖੁ ਏ ਬਾਧੇ ਜਿਹ ਨਾਹਿਨ ਤਿਹ ਤੁਮ ਜਾਨਹੁ ਗਿਆਨੀ ॥ ਨਾਨਕ ਮੁਕਤਿ ਤਾਹਿ ਤੁਮ ਮਾਨਹੁ ਇਹ ਬਿਧਿ ਕੋ ਜੋ ਪ੍ਰਾਨੀ ॥੩॥੭॥

ਗਉੜੀ ਮਹਲਾ ੯ ॥

ਮਨ ਰੇ ਕਹਾ ਭਇਓ ਤੈ ਬਉਰਾ ॥ ਅਹਿਨਿਸਿ ਅਉਧ ਘਟੈ ਨਹੀ ਜਾਨੈ ਭਇਓ ਲੋਭ ਸੰਗਿ ਹਉਰਾ ॥੧॥ ਰਹਾਉ ॥ ਜੋ ਤਨੁ ਤੈ ਅਪਨੋ ਕਰਿ ਮਾਨਿਓ ਅਰੁ ਸੁੰਦਰਿ ਗ੍ਰਿਹ ਨਾਰੀ ॥ ਇਨ ਮਹਿ ਕਛੁ ਤੇਰੋ ਰੇ ਨਾਹਿਨ ਦੇਖਹੁ ਸੋਚਿ ਬਿਚਾਰੀ ॥੧॥ ਰਤਨੁ ਜਨਮੁ ਅਪਨੋ ਤੈ ਹਾਰਿਓ ਗੋਬਿੰਦ ਗਤਿ ਨਹੀ ਜਾਨੀ ॥ ਨਿਮਖ ਨ ਲੀਨ ਭਇਓ ਚਰਨਨ ਸਿਉ ਬਿਰਥਾ ਅਉਧ ਸਿਰਾਨੀ ॥੨॥ ਕਹੁ ਨਾਨਕ ਸੋਈ ਨਰੁ ਸੁਖੀਆ ਰਾਮ ਨਾਮ ਗੁਨ ਗਾਵੈ ॥ ਅਉਰੁ ਸਗਲ ਜਗੁ ਮਾਇਆ ਮੋਹਿਆ ਨਿਰਭੈ ਪਦੁ ਨਹੀ ਪਾਵੈ ॥੩॥੮॥

ਗਉੜੀ ਮਹਲਾ ੯ ॥

ਨਰ ਅਚੇਤ ਪਾਪ ਤੇ ਡਰੁ ਰੇ ॥ ਦੀਨ ਦਇਆਲੁ ਸਗਲ ਭੈ ਭੰਜਨੁ ਸਰਨਿ ਤਾਹਿ ਤੁਮ ਪਰੁ ਰੇ ॥੧॥ ਰਹਾਉ ॥ ਬੇਦ ਪੁਰਾਨ ਜਾਸੁ ਗੁਨ ਗਾਵਤ ਤਾ ਕੋ ਨਾਮੁ ਹੀਐ ਮੋ ਧਰੁ ਰੇ ॥ ਪਾਵਨ ਨਾਮੁ ਜਗਤ ਮਹਿ ਹਰਿ ਕੋ ਸਿਮਰਿ ਸਿਮਰਿ ਕਸਮਲ ਸਭਿ ਹਰੁ ਰੇ ॥੧॥ ਮਾਨਸ ਦੇਹ ਬਹੁਰਿ ਨਹ ਪਾਵੈ ਕਛੂ ਉਪਾਉ ਮੁਕਤਿ ਕਾ ਕਰੁ ਰੇ ॥ ਨਾਨਕ ਕਹਤੁ ਗਾਇ ਕਰੁਣਾਮੈ ਭਵ ਸਾਗਰ ਕੈ ਪਾਰਿ ਉਤਰੁ ਰੇ ॥੨॥੯॥੨੫੧॥

(ਅੰਗ: ੨੧੯-੨੨੦)

ਰਾਗੁ ਆਸਾ

ੴ ਸਤਿ ਗੁਰਪ੍ਰਸਾਦਿ ॥

ਰਾਗੁ ਆਸਾ ਮਹਲਾ ੯ ॥

ਬਿਰਥਾ ਕਹਉ ਕਉਨ ਸਿਉ ਮਨ ਕੀ ॥ ਲੋਭਿ ਗ੍ਰਸਿਓ ਦਸਹੂ ਦਿਸ ਧਾਵਤ ਆਸਾ ਲਾਗਿਓ ਧਨ ਕੀ ॥੧॥ ਰਹਾਉ ॥ ਸੁਖ ਕੈ ਹੇਤਿ ਬਹੁਤੁ ਦੁਖੁ ਪਾਵਤ ਸੇਵ ਕਰਤ ਜਨ ਜਨ ਕੀ ॥ ਦੁਆਰਹਿ ਦੁਆਰਿ ਸੁਆਨ ਜਿਉ ਡੋਲਤ ਨਹ ਸੁਧ ਰਾਮ ਭਜਨ ਕੀ ॥੧॥ ਮਾਨਸ ਜਨਮੁ ਅਕਾਰਥੁ ਖੋਵਤ ਲਾਜ ਨ ਲੋਕ ਹਸਨ ਕੀ ॥ ਨਾਨਕ ਹਰਿ ਜਸੁ ਕਿਉ ਨਹੀ ਗਾਵਤ ਕੁਮਤਿ ਬਿਨਾਸੈ ਤਨਕੀ ॥੨॥੧॥੨੩੩॥

(ਅੰਗ: ੪੧੧)

ਰਾਗੁ ਦੇਵਗੰਧਾਰੀ

ੴ ਸਤਿ ਗੁਰਪ੍ਰਸਾਦਿ ॥

ਰਾਗੁ ਦੇਵਗੰਧਾਰੀ ਮਹਲਾ ੯ ॥

ਯਹ ਮਨੁ ਨੈਕ ਨ ਕਹਿਓ ਕਰੈ ॥ ਸੀਖ ਸਿਖਾਇ ਰਹਿਓ ਅਪਨੀ ਸੀ ਦੁਰਮਤਿ ਤੇ ਨ ਟਰੈ ॥੧॥ ਰਹਾਉ ॥ ਮਦਿ ਮਾਇਆ ਕੈ ਭਇਓ ਬਾਵਰੋ ਹਰਿ ਜਸੁ ਨਹਿ ਉਚਰੈ ॥ ਕਰਿ ਪਰਪੰਚੁ ਜਗਤ ਕਉ ਡਹਕੈ ਅਪਨੋ ਉਦਰੁ ਭਰੈ ॥੧॥ ਸੁਆਨ ਪੂਛ ਜਿਉ ਹੋਇ ਨ ਸੂਧੋ ਕਹਿਓ ਨ ਕਾਨ ਧਰੈ ॥ ਕਹੁ ਨਾਨਕ ਭਜੁ ਰਾਮਨਾਮੁ ਨਿਤ ਜਾ ਤੇ ਕਾਜੁ ਸਰੈ ॥੨॥੧॥

ਦੇਵਗੰਧਾਰੀ ਮਹਲਾ ੯ ॥

ਸਭੁ ਕਿਛੁ ਜੀਵਤ ਕੋ ਬਿਵਹਾਰੁ ॥ ਮਾਤ ਪਿਤਾ ਭਾਈ ਸੁਤ ਬੰਧਪ ਅਰੁ ਫੁਨਿ ਗ੍ਰਿਹ ਕੀ ਨਾਰਿ ॥੧॥ ਰਹਾਉ ॥ ਤਨ ਤੇ ਪ੍ਰਾਨ ਹੋਤ ਜਬ ਨਿਆਰੇ ਟੇਰਤ ਪ੍ਰੇਤ ਪੁਕਾਰਿ ॥ ਆਧ ਘਰੀ ਕੋਊ ਨਹਿ ਰਾਖੈ ਘਰ ਤੇ ਦੇਤ ਨਿਕਾਰਿ ॥੧॥ ਮ੍ਰਿਗ ਤ੍ਰਿਸਨਾ ਜਿਉ ਜਗ ਰਚਨਾ ਯਹ ਦੇਖਹੁ ਰਿਦੈ ਬਿਚਾਰਿ ॥ ਕਹੁ ਨਾਨਕ ਭਜੁ ਰਾਮਨਾਮੁ ਨਿਤ ਜਾ ਤੇ ਹੋਤ ਉਧਾਰੁ ॥੨॥੨॥

ਦੇਵਗੰਧਾਰੀ ਮਹਲਾ ੯ ॥

ਜਗਤ ਮਹਿ ਝੂਠੀ ਦੇਖੀ ਪ੍ਰੀਤਿ ॥ ਅਪਨੇ ਹੀ ਸੁਖ ਸਿਉ ਸਭਿ ਲਾਗੇ ਕਿਆ ਦਾਰਾ ਕਿਆ ਮੀਤ ॥੧॥ ਰਹਾਉ ॥ ਮੇਰਉ ਮੇਰਉ ਸਭੈ ਕਹਤ ਹੈ ਹਿਤ ਸਿਉ ਬਾਧਿਓ ਚੀਤੁ ॥ ਅੰਤ ਕਾਲਿ ਸੰਗੀ ਨਹ ਕੋਊ ਇਹ ਅਚਰਜ ਹੈ ਰੀਤਿ ॥੧॥ ਮਨ ਮੂਰਖ ਅਜਹੂ ਨਹ ਸਮਝਤ ਸਿਖ ਦੈ ਹਾਰਿਓ ਨੀਤ ॥ ਨਾਨਕ ਭਉਜਲੁ ਪਾਰਿ ਪਰੈ ਜਉ ਗਾਵੈ ਪ੍ਰਭ ਕੇ ਗੀਤ ॥੨॥੩॥੬॥੩੮॥੪੭॥

(ਅੰਗ: ੫੩੬)

ਰਾਗੁ ਬਿਹਾਗੜਾ

ੴ ਸਤਿ ਗੁਰਪ੍ਰਸਾਦਿ ॥

ਰਾਗੁ ਬਿਹਾਗੜਾ ਮਹਲਾ ੯ ॥

ਹਰਿ ਕੀ ਗਤਿ ਨਹਿ ਕੋਊ ਜਾਨੈ ॥ ਜੋਗੀ ਜਤੀ ਤਪੀ ਪਚਿ ਹਾਰੇ ਅਰੁ ਬਹੁ ਲੋਗ ਸਿਆਨੇ ॥੧॥ ਰਹਾਉ ॥ ਛਿਨ ਮਹਿ ਰਾਉ ਰੰਕ ਕਉ ਕਰਈ ਰਾਉ ਰੰਕ ਕਰਿ ਡਾਰੇ ॥ ਰੀਤੇ ਭਰੇ ਭਰੇ ਸਖਨਾਵੈ ਯਹ ਤਾ ਕੋ ਬਿਵਹਾਰੇ ॥੧॥ ਅਪਨੀ ਮਾਇਆ ਆਪਿ ਪਸਾਰੀ ਆਪਹਿ ਦੇਖਨਹਾਰਾ ॥ ਨਾਨਾ ਰੂਪ ਧਰੇ ਬਹੁ ਰੰਗੀ ਸਭ ਤੇ ਰਹੈ ਨਿਆਰਾ ॥੨॥ ਅਗਨਤ ਅਪਾਰੁ ਅਲਖੁ ਨਿਰੰਜਨੁ ਜਿਹ ਸਭੁ ਜਗੁ ਭਰਮਾਇਓ ॥ ਸਗਲ ਭਰਮ ਤਜਿ ਨਾਨਕ ਪ੍ਰਾਣੀ ਚਰਨ ਤਾਹਿ ਚਿਤੁ ਲਾਇਓ ॥੩॥੧॥

(ਅੰਗ: ੫੩੭)

ਰਾਗੁ ਸੋਰਠਿ

ੴ ਸਤਿ ਗੁਰਪ੍ਰਸਾਦਿ ॥

ਰਾਗੁ ਸੋਰਠਿ ਮਹਲਾ ੯ ॥

ਰੇ ਮਨ ਰਾਮ ਸਿਉ ਕਰਿ ਪ੍ਰੀਤਿ ॥ ਸ੍ਰਵਨ ਗੋਬਿੰਦ ਗੁਨ ਸੁਨਉ ਅਰੁ ਗਾਉ ਰਸਨਾ ਗੀਤ ॥੧॥ ਰਹਾਉ ॥ ਕਰਿ ਸਾਧ ਸੰਗਤਿ ਸਿਮਰਿ ਮਾਧੋ ਹੋਹਿ ਪਤਿਤ ਪੁਨੀਤ ॥ ਕਾਲੁ ਬਿਆਲ ਜਿਉ ਪਰਿਓ ਡੋਲੈ ਮੁਖੁ ਪਸਾਰੇ ਮੀਤ ॥੧॥ ਆਜੁ ਕਾਲਿ ਫੁਨਿ ਤੋਹਿ ਗ੍ਰਸਿ ਹੈ ਸਮਝਿ ਰਾਖਹੁ ਚੀਤਿ ॥ ਕਹੈ ਨਾਨਕੁ ਰਾਮੁ ਭਜਿ ਲੈ ਜਾਤੁ ਅਉਸਰੁ ਬੀਤ ॥੨॥੧॥

ਸੋਰਠਿ ਮਹਲਾ ੯ ॥

ਮਨ ਕੀ ਮਨ ਹੀ ਮਾਹਿ ਰਹੀ ॥ ਨਾ ਹਰਿ ਭਜੇ ਨ ਤੀਰਥ ਸੇਵੇ ਚੋਟੀ ਕਾਲਿ ਗਹੀ ॥੧॥ ਰਹਾਉ ॥ ਦਾਰਾ ਮੀਤ ਪੂਤ ਰਥ ਸੰਪਤਿ ਧਨ ਪੂਰਨ ਸਭ ਮਹੀ ॥ ਅਵਰ ਸਗਲ ਮਿਥਿਆ ਏ ਜਾਨਹੁ ਭਜਨੁ ਰਾਮ ਕੋ ਸਹੀ ॥੧॥ ਫਿਰਤ ਫਿਰਤ ਬਹੁਤੇ ਜੁਗ ਹਾਰਿਓ ਮਾਨਸ ਦੇਹ ਲਹੀ ॥ ਨਾਨਕੁ ਕਹਤੁ ਮਿਲਨ ਕੀ ਬਰੀਆ ਸਿਮਰਤ ਕਹਾ ਨਹੀ ॥੨॥੨॥

ਸੋਰਠਿ ਮਹਲਾ ੯ ॥

ਮਨ ਰੇ ਕਉਨ ਕੁਮਤਿ ਤੈ ਲੀਨੀ ॥ ਪਰਦਾਰਾ ਨਿੰਦਿਆ ਰਸਿ ਰਚਿਓ ਰਾਮ ਭਗਤਿ ਨਹੀ ਕੀਨੀ ॥੧॥ ਰਹਾਉ ॥ ਮੁਕਤਿ ਪੰਥੁ ਜਾਨਿਓ ਤੈ ਨਾਹਿਨ ਧਨੁ ਜੋਰਨ ਕਉ ਧਾਇਆ ॥ ਅੰਤਿ ਸੰਗੁ ਕਾਹੂ ਨਹੀ ਦੀਨਾ ਬਿਰਥਾ ਆਪੁ ਬੰਧਾਇਆ ॥੧॥ ਨਾ ਹਰਿ ਭਜਿਓ ਨ ਗੁਰ ਜਨੁ ਸੇਵਿਓ ਨਹ ਉਪਜਿਓ ਕਛੁ ਗਿਆਨਾ ॥ ਘਟ ਹੀ ਮਾਹਿ ਨਿਰੰਜਨੁ ਤੇਰੈ ਤੈ ਖੋਜਤ ਉਦਿਆਨਾ ॥੨॥ ਬਹੁਤੁ ਜਨਮ ਭਰਮਤ ਤੈ ਹਾਰਿਓ

ਅਸਥਿਰ ਮਤਿ ਨਹੀ ਪਾਈ ॥ ਮਾਨਸ ਦੇਹ ਪਾਇ ਪਦੁ ਹਰਿ ਭਜੁ ਨਾਨਕਿ ਬਾਤ ਬਤਾਈ ॥੩॥੩॥

ਸੋਰਠਿ ਮਹਲਾ ੯ ॥

ਮਨ ਰੇ ਪ੍ਰਭ ਕੀ ਸਰਨਿ ਬਿਚਾਰੋ ॥ ਜਿਹ ਸਿਮਰਤ ਗਨਿਕਾ ਸੀ ਉਧਰੀ ਤਾ ਕੋ ਜਸੁ ਉਰਿ ਧਾਰੋ ॥੧॥ ਰਹਾਉ ॥ ਅਟਲੁ ਭਇਓ ਧ੍ਰੂਅ ਜਾ ਕੈ ਸਿਮਰਨਿ ਅਰੁ ਨਿਰਭੈ ਪਦੁ ਪਾਇਆ ॥ ਦੁਖ ਹਰਤਾ ਇਹ ਬਿਧਿ ਕੋ ਸੁਆਮੀ ਤੈ ਕਾਹੇ ਬਿਸਰਾਇਆ ॥੧॥ ਜਬ ਹੀ ਸਰਨਿ ਗਹੀ ਕਿਰਪਾਨਿਧਿ ਗਜ ਗਰਾਹ ਤੇ ਛੂਟਾ ॥ ਮਹਿਮਾ ਨਾਮ ਕਹਾ ਲਉ ਬਰਨਉ ਰਾਮੁ ਕਹਤ ਬੰਧਨ ਤਿਹ ਤੂਟਾ ॥੨॥ ਅਜਾਮਲੁ ਪਾਪੀ ਜਗੁ ਜਾਨੈ ਨਿਮਖ ਮਾਹਿ ਨਿਸਤਾਰਾ ॥ ਨਾਨਕੁ ਕਹਤੁ ਚੇਤਿ ਚਿੰਤਾਮਨਿ ਤੈ ਭੀ ਉਤਰਹਿ ਪਾਰਾ ॥੩॥੪॥

ਸੋਰਠਿ ਮਹਲਾ ੯ ॥

ਪ੍ਰਾਨੀ ਕਉਨੁ ਉਪਾਉ ਕਰੈ ॥ ਜਾ ਤੇ ਭਗਤਿ ਰਾਮ ਕੀ ਪਾਵੈ ਜਮ ਕੋ ਤ੍ਰਾਸੁ ਹਰੈ ॥੧॥ ਰਹਾਉ ॥ ਕਉਨੁ ਕਰਮੁ ਬਿਦਿਆ ਕਹੁ ਕੈਸੀ ਧਰਮੁ ਕਉਨੁ ਫੁਨਿ ਕਰਈ ॥ ਕਉਨੁ ਨਾਮੁ ਗੁਰ ਜਾ ਕੈ ਸਿਮਰੈ ਭਵ ਸਾਗਰ ਕਉ ਤਰਈ ॥੧॥ ਕਲਿ ਮਹਿ ਏਕੁ ਨਾਮੁ ਕਿਰਪਾਨਿਧਿ ਜਾਹਿ ਜਪੈ ਗਤਿ ਪਾਵੈ ॥ ਅਉਰ ਧਰਮ ਤਾ ਕੈ ਸਮ ਨਾਹਿਨ ਇਹ ਬਿਧਿ ਬੇਦੁ ਬਤਾਵੈ ॥੨॥ ਸੁਖ ਦੁਖ ਰਹਤ ਸਦਾ ਨਿਰਲੇਪੀ ਜਾ ਕਉ ਕਹਤ ਗੁਸਾਈ ॥ ਸੋ ਤੁਮ ਹੀ ਮਹਿ ਬਸੈ ਨਿਰੰਤਰਿ ਨਾਨਕ ਦਰਪਨ ਨਿਆਈ ॥੩॥੫॥

ਸੋਰਠਿ ਮਹਲਾ ੯ ॥

ਮਾਈ ਮੈ ਕਿਹ ਬਿਧਿ ਲਖਉ ਗੁਸਾਈ ॥ ਮਹਾ ਮੋਹ ਅਗਿਆਨ ਤਿਮਰਿ ਮੋ ਮਨੁ ਰਹਿਓ ਉਰਝਾਈ ॥੧॥ ਰਹਾਉ ॥ ਸਗਲ ਜਨਮੁ ਭਰਮ ਹੀ ਭਰਮਿ ਖੋਇਓ ਨਹ ਅਸਥਿਰ ਮਤਿ ਪਾਈ ॥ ਬਿਖਿਆਸਕਤ ਰਹਿਓ ਨਿਸਿ ਬਾਸੁਰ ਨਹ ਛੂਟੀ ਅਧਮਾਈ ॥੧॥ ਸਾਧ ਸੰਗੁ ਕਬਹੂ ਨਹੀ ਕੀਨਾ ਨਹ ਕੀਰਤਿ ਪ੍ਰਭ ਗਾਈ ॥ ਜਨ ਨਾਨਕ ਮੈ ਨਾਹਿ ਕੋਊ ਗੁਨੁ ਰਾਖਿ ਲੇਹੁ ਸਰਨਾਈ ॥੨॥੬॥

ਸੋਰਠਿ ਮਹਲਾ ੯ ॥

ਮਾਈ ਮਨੁ ਮੇਰੋ ਬਸਿ ਨਾਹਿ ॥ ਨਿਸਿ ਬਾਸੁਰ ਬਿਖਿਅਨ ਕਉ ਧਾਵਤ ਕਿਹ ਬਿਧਿ ਰੋਕਉ ਤਾਹਿ ॥੧॥ ਰਹਾਉ ॥ ਬੇਦ ਪੁਰਾਨ ਸਿੰਮ੍ਰਿਤਿ ਕੇ ਮਤ ਸੁਨਿ ਨਿਮਖ ਨ ਹੀਏ ਬਸਾਵੈ ॥ ਪਰ ਧਨ ਪਰ ਦਾਰਾ ਸਿਉ ਰਚਿਓ ਬਿਰਥਾ ਜਨਮੁ ਸਿਰਾਵੈ ॥੧॥ ਮਦਿ ਮਾਇਆ ਕੈ ਭਇਓ ਬਾਵਰੋ ਸੂਝਤ ਨਹ ਕਛੁ ਗਿਆਨਾ ॥ ਘਟ ਹੀ ਭੀਤਰਿ ਬਸਤ ਨਿਰੰਜਨੁ ਤਾ ਕੋ ਮਰਮੁ ਨ ਜਾਨਾ ॥੨॥ ਜਬ ਹੀ ਸਰਨਿ ਸਾਧ ਕੀ ਆਇਓ ਦੁਰਮਤਿ ਸਗਲ ਬਿਨਾਸੀ ॥ ਤਬ ਨਾਨਕ ਚੇਤਿਓ ਚਿੰਤਾਮਨਿ ਕਾਟੀ ਜਮ ਕੀ ਫਾਸੀ ॥੩॥੭॥

ਸੋਰਠਿ ਮਹਲਾ ੯ ॥

ਰੇ ਨਰ ਇਹ ਸਾਚੀ ਜੀਅ ਧਾਰਿ ॥ ਸਗਲ ਜਗਤੁ ਹੈ ਜੈਸੇ ਸੁਪਨਾ ਬਿਨਸਤ ਲਗਤ ਨ ਬਾਰ ॥੧॥ ਰਹਾਉ ॥ ਬਾਰੂ ਭੀਤਿ ਬਨਾਈ ਰਚਿ ਪਚਿ ਰਹਤ ਨਹੀ ਦਿਨ ਚਾਰਿ ॥ ਤੈਸੇ ਹੀ ਏ ਸੁਖ ਮਾਇਆ ਕੇ ਉਰਝਿਓ ਕਹਾ ਗਵਾਰ ॥੧॥ ਅਜਹੂ ਸਮਝਿ ਕਛੁ ਬਿਗਰਿਓ ਨਾਹਿਨ ਭਜਿ ਲੇ ਨਾਮੁ ਮੁਰਾਰਿ ॥ ਕਹੁ ਨਾਨਕ ਨਿਜ ਮਤਿ ਸਾਧਨ ਕਉ ਭਾਖਿਓ ਤੋਹਿ ਪੁਕਾਰਿ ॥੨॥੮॥

ਸੋਰਠਿ ਮਹਲਾ ੯ ॥

ਇਹ ਜਗਿ ਮੀਤੁ ਨ ਦੇਖਿਓ ਕੋਈ ॥ ਸਗਲ ਜਗਤੁ ਅਪਨੈ ਸੁਖਿ ਲਾਗਿਓ ਦੁਖ ਮਹਿ ਸੰਗਿ ਨ ਹੋਈ ॥੧॥ ਰਹਾਉ ॥ ਦਾਰਾ ਮੀਤ ਪੂਤ ਸਨਬੰਧੀ ਸਗਰੇ ਧਨ ਸਿਉ ਲਾਗੇ ॥ ਜਬ ਹੀ ਨਿਰਧਨੁ ਦੇਖਿਓ ਨਰ ਕਉ ਸੰਗੁ ਛਾਡਿ ਸਭਿ ਭਾਗੇ ॥੧॥ ਕਹਉ ਕਹਾ ਯਿਆ ਮਨ ਬਉਰੇ ਕਉ ਇਨ ਸਿਉ ਨੇਹੁ ਲਗਾਇਓ ॥ ਦੀਨਾ ਨਾਥੁ ਸਕਲ ਭੈ ਭੰਜਨੁ ਜਸੁ ਤਾ ਕੋ ਬਿਸਰਾਇਓ ॥੨॥ ਸੁਆਨ ਪੂਛ ਜਿਉ ਭਇਓ ਨ ਸੂਧਉ ਬਹੁਤੁ ਜਤਨੁ ਮੈ ਕੀਨਉ ॥ ਨਾਨਕ ਲਾਜ ਬਿਰਦ ਕੀ ਰਾਖਹੁ ਨਾਮੁ ਤੁਹਾਰਉ ਲੀਨਉ ॥੩॥੯॥

ਸੋਰਠਿ ਮਹਲਾ ੯ ॥

ਮਨ ਰੇ ਗਹਿਓ ਨ ਗੁਰ ਉਪਦੇਸੁ ॥ ਕਹਾ ਭਇਓ ਜਉ ਮੂੰਡੁ ਮੁੰਡਾਇਓ ਭਗਵਉ ਕੀਨੋ ਭੇਸੁ ॥੧॥ ਰਹਾਉ ॥ ਸਾਚੁ ਛਾਡਿ ਕੈ ਝੂਠਹਿ ਲਾਗਿਓ ਜਨਮੁ ਅਕਾਰਥੁ ਖੋਇਓ

॥ ਕਰਿ ਪਰਪੰਚ ਉਦਰੁ ਨਿਜ ਪੋਖਿਓ ਪਸੁ ਕੀ ਨਿਆਈ ਸੋਇਓ ॥੧॥ ਰਾਮ ਭਜਨ ਕੀ ਗਤਿ ਨਹੀ ਜਾਨੀ ਮਾਇਆ ਹਾਥਿ ਬਿਕਾਨਾ ॥ ਉਰਝਿ ਰਹਿਓ ਬਿਖਿਅਨ ਸੰਗਿ ਬਉਰਾ ਨਾਮੁ ਰਤਨੁ ਬਿਸਰਾਨਾ ॥੨॥ ਰਹਿਓ ਅਚੇਤੁ ਨ ਚੇਤਿਓ ਗੋਬਿੰਦੁ ਬਿਰਥਾ ਅਉਧ ਸਿਰਾਨੀ ॥ ਕਹੁ ਨਾਨਕ ਹਰਿ ਬਿਰਦੁ ਪਛਾਨਉ ਭੂਲੇ ਸਦਾ ਪਰਾਨੀ ॥੩॥੧੦॥

ਸੋਰਠਿ ਮਹਲਾ ੯ ॥

ਜੋ ਨਰੁ ਦੁਖ ਮਹਿ ਦੁਖੁ ਨਹੀ ਮਾਨੈ ॥ ਸੁਖ ਸਨੇਹੁ ਅਰੁ ਭੈ ਨਹੀ ਜਾ ਕੈ ਕੰਚਨ ਮਾਟੀ ਮਾਨੈ ॥੧॥ ਰਹਾਉ ॥ ਨਹ ਨਿੰਦਿਆ ਨਹ ਉਸਤਤਿ ਜਾ ਕੈ ਲੋਭੁ ਮੋਹੁ ਅਭਿਮਾਨਾ ॥ ਹਰਖ ਸੋਗ ਤੇ ਰਹੈ ਨਿਆਰਉ ਨਾਹਿ ਮਾਨੁ ਅਪਮਾਨਾ ॥੧॥ ਆਸਾ ਮਨਸਾ ਸਗਲ ਤਿਆਗੈ ਜਗ ਤੇ ਰਹੈ ਨਿਰਾਸਾ ॥ ਕਾਮੁ ਕ੍ਰੋਧੁ ਜਿਹ ਪਰਸੈ ਨਾਹਿਨ ਤਿਹ ਘਟਿ ਬ੍ਰਹਮ ਨਿਵਾਸਾ ॥੨॥ ਗੁਰਿ ਕਿਰਪਾ ਜਿਹ ਨਰ ਕਉ ਕੀਨੀ ਤਿਹ ਇਹ ਜੁਗਤਿ ਪਛਾਨੀ ॥ ਨਾਨਕ ਲੀਨ ਭਇਓ ਗੋਬਿੰਦ ਸਿਉ ਜਿਉ ਪਾਨੀ ਸੰਗਿ ਪਾਨੀ ॥੩॥੧੧॥

ਸੋਰਠਿ ਮਹਲਾ ੯ ॥

ਪ੍ਰੀਤਮ ਜਾਨਿ ਲੇਹੁ ਮਨ ਮਾਹੀ ॥ ਅਪੁਨੇ ਸੁਖ ਸਿਉ ਹੀ ਜਗੁ ਫਾਂਧਿਓ ਕੋ ਕਾਹੂ ਕੋ ਨਾਹੀ ॥੧॥ ਰਹਾਉ ॥ ਸੁਖ ਮਹਿ ਆਨਿ ਬਹੁਤੁ ਮਿਲਿ ਬੈਠਤ ਰਹਤ ਚਹੂ ਦਿਸ ਘੇਰੈ ॥ ਬਿਪਤਿ ਪਰੀ ਸਭ ਹੀ ਸੰਗੁ ਛਾਡਤ ਕੋਊ ਨ ਆਵਤ ਨੇਰੈ ॥੧॥ ਘਰ ਕੀ ਨਾਰਿ ਬਹੁਤੁ ਹਿਤੁ ਜਾ ਸਿਉ ਸਦਾ ਰਹਤ ਸੰਗਿ ਲਾਗੀ ॥ ਜਬ ਹੀ ਹੰਸਿ ਤਜੀ ਇਹ ਕਾਂਇਆ ਪ੍ਰੇਤ ਪ੍ਰੇਤ ਕਰਿ ਭਾਗੀ ॥੨॥ ਇਹ ਬਿਧਿ ਕੋ ਬਿਉਹਾਰੁ ਬਨਿਓ ਹੈ ਜਾ ਸਿਉ ਨੇਹੁ ਲਗਾਇਓ ॥ ਅੰਤ ਬਾਰ ਨਾਨਕ ਬਿਨੁ ਹਰਿ ਜੀ ਕੋਊ ਕਾਮਿ ਨ ਆਇਓ ॥੩॥੧੨॥੧੩੯॥

(ਅੰਗ: ੫੩੭)

ਰਾਗੁ ਧਨਾਸਰੀ

ੴ ਸਤਿ ਗੁਰਪ੍ਰਸਾਦਿ ॥

ਰਾਗੁ ਧਨਾਸਰੀ ਮਹਲਾ ੯ ॥

ਕਾਹੇ ਰੇ ਬਨਿ ਖੋਜਨਿ ਜਾਈ ॥ ਸਰਬ ਨਿਵਾਸੀ ਸਦਾ ਅਲੇਪਾ ਤੋਹੀ ਸੰਗਿ ਸਮਾਈ ॥੧॥ ਰਹਾਉ ॥ ਪੁਹਪ ਮਧਿ ਜਿਉ ਬਾਸੁ ਬਸਤੁ ਹੈ ਮੁਕਰ ਮਾਹਿ ਜੈਸੇ ਛਾਈ ॥ ਤੈਸੇ ਹੀ ਹਰਿ ਬਸੇ ਨਿਰੰਤਰਿ ਘਟ ਹੀ ਖੋਜਹੁ ਭਾਈ ॥੧॥ ਬਾਹਰਿ ਭੀਤਰਿ ਏਕੋ ਜਾਨਹੁ ਇਹੁ ਗੁਰੁ ਗਿਆਨੁ ਬਤਾਈ ॥ ਜਨ ਨਾਨਕ ਬਿਨੁ ਆਪਾ ਚੀਨੇ ਮਿਟੈ ਨ ਭ੍ਰਮ ਕੀ ਕਾਈ ॥੨॥੧॥

ਧਨਾਸਰੀ ਮਹਲਾ ੯ ॥

ਸਾਧੋ ਇਹੁ ਜਗੁ ਭਰਮਿ ਭੁਲਾਨਾ ॥ ਰਾਮਨਾਮ ਕਾ ਸਿਮਰਨੁ ਛੋਡਿਆ ਮਾਇਆ ਹਾਥਿ ਬਿਕਾਨਾ ॥੧॥ ਰਹਾਉ ॥ ਮਾਤ ਪਿਤਾ ਭਾਈ ਸੁਤ ਬਨਿਤਾ ਤਾ ਕੈ ਰਸਿ ਲਪਟਾਨਾ ॥ ਜੋਬਨੁ ਧਨੁ ਪ੍ਰਭਤਾ ਕੈ ਮਦ ਮਹਿ ਅਹਿਨਿਸਿ ਰਹੈ ਦਿਵਾਨਾ ॥੧॥ ਦੀਨ ਦਇਆਲੁ ਸਦਾ ਦੁਖ ਭੰਜਨੁ ਤਾ ਸਿਉ ਮਨੁ ਨ ਲਗਾਨਾ ॥ ਜਨ ਨਾਨਕ ਕੋਟਨ ਮਹਿ ਕਿਨਹੂ ਗੁਰਮੁਖਿ ਹੋਇ ਪਛਾਨਾ ॥੨॥੨॥

ਧਨਾਸਰੀ ਮਹਲਾ ੯ ॥

ਤਿਹ ਜੋਗੀ ਕਉ ਜੁਗਤਿ ਨ ਜਾਨਉ ॥ ਲੋਭ ਮੋਹੁ ਮਾਇਆ ਮਮਤਾ ਫੁਨਿ ਜਿਹ ਘਟ ਮਾਹਿ ਪਛਾਨਉ ॥੧॥ ਰਹਾਉ ॥ ਪਰ ਨਿੰਦਾ ਉਸਤਤਿ ਨਹ ਜਾ ਕੈ ਕੰਚਨ ਲੋਹ ਸਮਾਨੋ ॥ ਹਰਖ ਸੋਗ ਤੇ ਰਹੈ ਅਤੀਤਾ ਜੋਗੀ ਤਾਹਿ ਬਖਾਨੋ ॥੧॥ ਚੰਚਲ ਮਨੁ ਦਹ ਦਿਸ ਕਉ ਧਾਵਤ ਅਚਲ ਜਾਹਿ ਠਹਰਾਨੋ ॥ ਕਹੁ ਨਾਨਕ ਇਹ ਬਿਧਿ ਕੋ ਜੋ ਨਰੁ ਮੁਕਤਿ ਤਾਹਿ ਤੁਮ ਮਾਨੋ ॥੨॥੩॥

ਧਨਾਸਰੀ ਮਹਲਾ ੯ ॥

ਅਬ ਮੈ ਕਉਨੁ ਉਪਾਉ ਕਰਉ ॥ ਜਿਹ ਬਿਧਿ ਮਨ ਕੋ ਸੰਸਾ ਚੂਕੈ ਭਉਨਿਧਿ ਪਾਰਿ ਪਰਉ ॥੧॥ ਰਹਾਉ ॥ ਜਨਮੁ ਪਾਇ ਕਛੁ ਭਲੋ ਨ ਕੀਨੋ ਤਾ ਤੇ ਅਧਿਕ ਡਰਉ ॥ ਮਨ ਬਚ ਕ੍ਰਮ ਹਰਿ ਗੁਨ ਨਹੀ ਗਾਏ ਯਹ ਜੀਅ ਸੋਚ ਧਰਉ ॥੧॥ ਗੁਰਮਤਿ ਸੁਨਿ ਕਛੁ ਗਿਆਨੁ ਨ ਉਪਜਿਓ ਪਸੁ ਜਿਉ ਉਦਰੁ ਭਰਉ ॥ ਕਹੁ ਨਾਨਕ ਪ੍ਰਭ ਬਿਰਦੁ ਪਛਾਨਉ ਤਬ ਹਉ ਪਤਿਤ ਤਰਉ ॥੨॥੪॥੯॥

(ਅੰਗ: ੬੮੪-੬੮੫)

ਰਾਗੁ ਜੈਤਸਰੀ

ੴ ਸਤਿ ਗੁਰਪ੍ਰਸਾਦਿ ॥

ਰਾਗੁ ਜੈਤਸਰੀ ਮਹਲਾ ੯ ॥

ਭੂਲਿਓ ਮਨੁ ਮਾਇਆ ਉਰਝਾਇਓ ॥ ਜੋ ਜੋ ਕਰਮ ਕੀਓ ਲਾਲਚਿ ਲਗਿ ਤਿਹ ਤਿਹ ਆਪੁ ਬੰਧਾਇਓ ॥੧॥ ਰਹਾਉ ॥ ਸਮਝ ਨ ਪਰੀ ਬਿਖੈ ਰਸ ਰਚਿਓ ਜਸੁ ਹਰਿ ਕੋ ਬਿਸਰਾਇਓ ॥ ਸੰਗਿ ਸੁਆਮੀ ਸੋ ਜਾਨਿਓ ਨਾਹਿਨ ਬਨਿ ਖੋਜਨ ਕਉ ਧਾਇਓ ॥੧॥ ਰਤਨੁ ਰਾਮੁ ਘਟ ਹੀ ਕੇ ਭੀਤਰਿ ਤਾ ਕੋ ਗਿਆਨੁ ਨ ਪਾਇਓ ॥ ਜਨ ਨਾਨਕ ਭਗਵੰਤ ਭਜਨ ਬਿਨੁ ਬਿਰਥਾ ਜਨਮੁ ਗਵਾਇਓ ॥੨॥੧॥

ਜੈਤਸਰੀ ਮਹਲਾ ੯ ॥

ਹਰਿ ਜੂ ਰਾਖਿ ਲੇਹੁ ਪਤਿ ਮੇਰੀ ॥ ਜਮ ਕੋ ਤ੍ਰਾਸੁ ਭਇਓ ਉਰ ਅੰਤਰਿ ਸਰਨਿ ਗਹੀ ਕਿਰਪਾ ਨਿਧਿ ਤੇਰੀ ॥੧॥ ਰਹਾਉ ॥ ਮਹਾ ਪਤਿਤ ਮੁਗਧ ਲੋਭੀ ਫੁਨਿ ਕਰਤ ਪਾਪ ਅਬ ਹਾਰਾ ॥ ਭੈ ਮਰਬੇ ਕੋ ਬਿਸਰਤ ਨਾਹਿਨ ਤਿਹ ਚਿੰਤਾ ਤਨੁ ਜਾਰਾ ॥੧॥ ਕੀਏ ਉਪਾਵ ਮੁਕਤਿ ਕੈ ਕਾਰਨਿ ਦਹਦਿਸ ਕਉ ਉਠਿ ਧਾਇਆ ॥ ਘਟ ਹੀ ਭੀਤਰਿ ਬਸੈ ਨਿਰੰਜਨੁ ਤਾ ਕੋ ਮਰਮੁ ਨ ਪਾਇਆ ॥੨॥ ਨਾਹਿਨ ਗੁਨੁ ਨਾਹਿਨ ਕਛੁ ਜਪੁ ਤਪੁ ਕਉਨੁ ਕਰਮੁ ਅਬ ਕੀਜੈ ॥ ਨਾਨਕ ਹਾਰਿ ਪਰਿਓ ਸਰਨਾਗਤਿ ਅਭੈ ਦਾਨੁ ਪ੍ਰਭ ਦੀਜੈ ॥੩॥੨॥

ਜੈਤਸਰੀ ਮਹਲਾ ੯ ॥

ਮਨ ਰੇ ਸਾਚਾ ਗਹੋ ਬਿਚਾਰਾ ॥ ਰਾਮ ਨਾਮ ਬਿਨੁ ਮਿਥਿਆ ਮਾਨੋ ਸਗਰੋ ਇਹੁ ਸੰਸਾਰਾ ॥੧॥ ਰਹਾਉ ॥ ਜਾ ਕਉ ਜੋਗੀ ਖੋਜਤ ਹਾਰੇ ਪਾਇਓ ਨਾਹਿ ਤਿਹ ਪਾਰਾ ॥ ਸੋ ਸੁਆਮੀ ਤੁਮ ਨਿਕਟਿ ਪਛਾਨੋ ਰੂਪ ਰੇਖ ਤੇ ਨਿਆਰਾ ॥੧॥ ਪਾਵਨ ਨਾਮੁ ਜਗਤ ਮਹਿ ਹਰਿ ਕੋ ਕਬਹੂ ਨਾਹਿ ਸੰਭਾਰਾ ॥ ਨਾਨਕ ਸਰਨਿ ਪਰਿਓ ਜਗ ਬੰਦਨ ਰਾਖਹੁ ਬਿਰਦੁ ਤੁਹਾਰਾ ॥੨॥੩॥ (ਅੰਗ: ੭੦੨-੭੦੩)

ਰਾਗੁ ਟੋਡੀ

ੴ ਸਤਿ ਗੁਰਪ੍ਰਸਾਦਿ ॥

ਰਾਗੁ ਟੋਡੀ ਮਹਲਾ ੯ ॥

ਕਹਉ ਕਹਾ ਅਪਨੀ ਅਧਮਾਈ ॥ ਉਰਝਿਓ ਕਨਿਕ ਕਾਮਨੀ ਕੇ ਰਸ ਨਹ ਕੀਰਤਿ ਪ੍ਰਭ ਗਾਈ ॥੧॥ ਰਹਾਉ ॥ ਜਗ ਝੂਠੇ ਕਉ ਸਾਚੁ ਜਾਨਿ ਕੈ ਤਾ ਸਿਉ ਰੁਚ ਉਪਜਾਈ ॥ ਦੀਨ ਬੰਧੁ ਸਿਮਰਿਓ ਨਹੀ ਕਬਹੂ ਹੋਤ ਜੁ ਸੰਗਿ ਸਹਾਈ ॥੧॥ ਮਗਨ ਰਹਿਓ ਮਾਇਆ ਮਹਿ ਨਿਸਿ ਦਿਨੁ ਛੁਟੀ ਨ ਮਨ ਕੀ ਕਾਈ ॥ ਕਹਿ ਨਾਨਕ ਅਬ ਨਾਹਿ ਅਨਤ ਗਤਿ ਬਿਨੁ ਹਰਿ ਕੀ ਸਰਨਾਈ ॥੨॥੧॥੩੧॥

(ਅੰਗ: ੭੧੮)

ਰਾਗੁ ਤਿਲੰਗ

ੴ ਸਤਿ ਗੁਰਪ੍ਰਸਾਦਿ ॥

ਰਾਗੁ ਤਿਲੰਗ ਮਹਲਾ ੯ ਕਾਫੀ ॥

ਚੇਤਨਾ ਹੈ ਤਉ ਚੇਤਿ ਲੈ ਨਿਸਿ ਦਿਨ ਮਹਿ ਪ੍ਰਾਨੀ ॥ ਛਿਨੁ ਛਿਨੁ ਅਉਧ ਬਿਹਾਤੁ ਹੈ ਫੂਟੈ ਘਟਿ ਜਿਉ ਪਾਨੀ ॥੧॥ ਰਹਾਉ ॥ ਹਰਿ ਗੁਨ ਕਾਹਿ ਨ ਗਾਵਹੀ ਮੂਰਖ ਅਗਿਆਨਾ ॥ ਝੂਠੈ ਲਾਲਚਿ ਲਾਗਿ ਕੈ ਨਹਿ ਮਰਨੁ ਪਛਾਨਾ ॥੧॥ ਅਜਹੂ ਕਛੁ ਬਿਗਰਿਓ ਨਹੀ ਜਉ ਪ੍ਰਭ ਗੁਨ ਗਾਵੈ ॥ ਕਹੁ ਨਾਨਕ ਤਿਹ ਭਜਨ ਤੇ ਨਿਰਭੈ ਪਦੁ ਪਾਵੈ ॥੨॥੧॥

ਤਿਲੰਗ ਮਹਲਾ ੯ ॥

ਜਾਗਿ ਲੇਹੁ ਰੇ ਮਨਾ ਜਾਗਿ ਲੇਹੁ ਕਹਾ ਗਾਫਲ ਸੋਇਆ ॥ ਜੋ ਤਨੁ ਉਪਜਿਆ ਸੰਗ ਹੀ ਸੋ ਭੀ ਸੰਗਿ ਨ ਹੋਇਆ ॥੧॥ ਰਹਾਉ ॥ ਮਾਤ ਪਿਤਾ ਸੁਤ ਬੰਧ ਜਨ ਹਿਤੁ ਜਾ ਸਿਉ ਕੀਨਾ ॥ ਜੀਉ ਛੂਟਿਓ ਜਬ ਦੇਹ ਤੇ ਡਾਰਿ ਅਗਨਿ ਮਹਿ ਦੀਨਾ ॥੧॥ ਜੀਵਤ ਲਉ ਬਿਉਹਾਰੁ ਹੈ ਜਗ ਕਉ ਤੁਮ ਜਾਨਉ ॥ ਨਾਨਕ ਹਰਿ ਗੁਨ ਗਾਇ ਲੈ ਸਭ ਸੁਫਨ ਸਮਾਨਉ ॥੨॥੨॥

ਤਿਲੰਗ ਮਹਲਾ ੯ ॥

ਹਰਿ ਜਸੁ ਰੇ ਮਨਾ ਗਾਇ ਲੈ ਜੋ ਸੰਗੀ ਹੈ ਤੇਰੋ ॥ ਅਉਸਰੁ ਬੀਤਿਓ ਜਾਤੁ ਹੈ ਕਹਿਓ ਮਾਨਿ ਲੈ ਮੇਰੋ ॥੧॥ ਰਹਾਉ ॥ ਸੰਪਤਿ ਰਥ ਧਨ ਰਾਜ ਸਿਉ ਅਤਿ ਨੇਹੁ ਲਗਾਇਓ ॥ ਕਾਲ ਫਾਸ ਜਬ ਗਲਿ ਪਰੀ ਸਭ ਭਇਓ ਪਰਾਇਓ ॥੧॥ ਜਾਨਿ ਬੂਝਿ ਕੈ ਬਾਵਰੇ ਤੈ ਕਾਜੁ ਬਿਗਾਰਿਓ ॥ ਪਾਪ ਕਰਤ ਸੁਕਚਿਓ ਨਹੀ ਨਹ ਗਰਬੁ ਨਿਵਾਰਿਓ ॥੨॥ ਜਿਹ ਬਿਧਿ ਗੁਰਿ ਉਪਦੇਸਿਆ ਸੋ ਸੁਨੁ ਰੇ ਭਾਈ ॥ ਨਾਨਕੁ ਕਹਤੁ ਪੁਕਾਰਿ ਕੈ ਗਹੁ ਪ੍ਰਭ ਸਰਨਾਈ ॥੩॥੩॥

(ਅੰਗ: ੭੨੬-੭੨੭)

ਰਾਗੁ ਬਿਲਾਵਲੁ

ੴ ਸਤਿ ਗੁਰਪ੍ਰਸਾਦਿ ॥

ਰਾਗੁ ਬਿਲਾਵਲੁ ਮਹਲਾ ੯ ਦੁਪਦੇ ॥

ਦੁਖ ਹਰਤਾ ਹਰਿ ਨਾਮੁ ਪਛਾਨੋ ॥ ਅਜਾਮਲੁ ਗਨਿਕਾ ਜਿਹ ਸਿਮਰਤ ਮੁਕਤ ਭਏ ਜੀਅ ਜਾਨੋ ॥੧॥ ਰਹਾਉ ॥ ਗਜ ਕੀ ਤ੍ਰਾਸ ਮਿਟੀ ਛਿਨਹੂ ਮਹਿ ਜਬ ਹੀ ਰਾਮੁ ਬਖਾਨੋ ॥ ਨਾਰਦ ਕਹਤ ਸੁਨਤ ਧ੍ਰੂਅ ਬਾਰਿਕ ਭਜਨ ਮਾਹਿ ਲਪਟਾਨੋ ॥੧॥ ਅਚਲ ਅਮਰ ਨਿਰਭੈ ਪਦੁ ਪਾਇਓ ਜਗਤੁ ਜਾਹਿ ਹੈਰਾਨੋ ॥ ਨਾਨਕੁ ਕਹਤੁ ਭਗਤ ਰਛਕ ਹਰਿ ਨਿਕਟਿ ਤਾਹਿ ਤੁਮ ਮਾਨੋ ॥੨॥੧॥

ਬਿਲਾਵਲੁ ਮਹਲਾ ੯ ॥

ਹਰਿ ਕੇ ਨਾਮ ਬਿਨਾ ਦੁਖੁ ਪਾਵੈ ॥ ਭਗਤਿ ਬਿਨਾ ਸਹਸਾ ਨਹ ਚੂਕੈ ਗੁਰੁ ਇਹੁ ਭੇਦੁ ਬਤਾਵੈ ॥੧॥ ਰਹਾਉ ॥ ਕਹਾ ਭਇਓ ਤੀਰਥ ਬ੍ਰਤ ਕੀਏ ਰਾਮ ਸਰਨਿ ਨਹੀ ਆਵੈ ॥ ਜੋਗ ਜਗ ਨਿਹਫਲ ਤਿਹ ਮਾਨਉ ਜੋ ਪ੍ਰਭ ਜਸੁ ਬਿਸਰਾਵੈ ॥੧॥ ਮਾਨ ਮੋਹ ਦੋਨੋ ਕਉ ਪਰਹਰਿ ਗੋਬਿੰਦ ਕੇ ਗੁਨ ਗਾਵੈ ॥ ਕਹੁ ਨਾਨਕ ਇਹ ਬਿਧਿ ਕੋ ਪ੍ਰਾਨੀ ਜੀਵਨ ਮੁਕਤ ਕਹਾਵੈ ॥੨॥੨॥

ਬਿਲਾਵਲੁ ਮਹਲਾ ੯ ॥

ਜਾ ਮਹਿ ਭਜਨੁ ਰਾਮ ਕੋ ਨਾਂਹੀ ॥ ਤਿਹ ਨਰਿ ਜਨਮੁ ਅਕਾਰਥੁ ਖੋਇਆ ਯਹ ਰਾਖਹੁ ਮਨ ਮਾਹੀ ॥੧॥ ਰਹਾਉ ॥ ਤੀਰਥ ਕਰੈ ਬ੍ਰਤ ਫੁਨਿ ਰਾਖੈ ਨਹ ਮਨੂਆ ਬਸਿ ਜਾ ਕੋ ॥ ਨਿਹਫਲ ਧਰਮ ਤਾਹਿ ਤੁਮ ਮਾਨੋ ਸਾਚੁ ਕਹਤ ਮੈ ਯਾ ਕਉ ॥੧॥ ਜੈਸੇ ਪਾਹਨੁ ਜਲ ਮਹਿ ਰਾਖਿਓ ਭੇਦੈ ਨਾਹਿ ਤਿਹ ਪਾਨੀ ॥ ਤੈਸੇ ਹੀ ਤੁਮ ਤਾਹਿ ਪਛਾਨੋ ਭਗਤਿ ਹੀਨ ਜੋ ਪ੍ਰਾਨੀ ॥੨॥ ਕਲਿ ਮਹਿ ਮੁਕਤਿ ਨਾਮ ਤੇ ਪਾਵਤ ਗੁਰ ਯਹ ਭੇਦੁ ਬਤਾਵੈ ॥ ਕਹੁ ਨਾਨਕ ਸੋਈ ਨਰੁ ਗਰੂਆ ਜੋ ਪ੍ਰਭ ਕੇ ਗੁਨ ਗਾਵੈ ॥੩॥੩॥

(ਅੰਗ: ੮੩੦-੮੩੧)

ਰਾਗੁ ਰਾਮਕਲੀ

ੴ ਸਤਿ ਗੁਰਪ੍ਰਸਾਦਿ ॥

ਰਾਗੁ ਰਾਮਕਲੀ ਮਹਲਾ ੯ ਤਿਪਦੇ ॥

ਰੇ ਮਨ ਓਟ ਲੇਹੁ ਹਰਿ ਨਾਮਾ ॥ ਜਾ ਕੈ ਸਿਮਰਨਿ ਦੁਰਮਤਿ ਨਾਸੈ ਪਾਵਹਿ ਪਦੁ ਨਿਰਬਾਨਾ ॥੧॥ ਰਹਾਉ ॥ ਬਡਭਾਗੀ ਤਿਹ ਜਨ ਕਉ ਜਾਨਉ ਜੋ ਹਰਿ ਕੇ ਗੁਨ ਗਾਵੈ ॥ ਜਨਮ ਜਨਮ ਕੇ ਪਾਪ ਖੋਇ ਕੈ ਫੁਨਿ ਬੈਕੁੰਠਿ ਸਿਧਾਵੈ ॥੧॥ ਅਜਾਮਲ ਕਉ ਅੰਤ ਕਾਲ ਮਹਿ ਨਾਰਾਇਨ ਸੁਧਿ ਆਈ ॥ ਜਾਂ ਗਤਿ ਕਉ ਜੋਗੀਸੁਰ ਬਾਛਤ ਸੋ ਗਤਿ ਛਿਨ ਮਹਿ ਪਾਈ ॥੨॥ ਨਾਹਿਨ ਗੁਨੁ ਨਾਹਿਨ ਕਛੁ ਬਿਦਿਆ ਧਰਮ ਕਉਨੁ ਗਜਿ ਕੀਨਾ ॥ ਨਾਨਕ ਬਿਰਦੁ ਰਾਮ ਕਾ ਦੇਖਹੁ ਅਭੈ ਦਾਨੁ ਤਿਹ ਦੀਨਾ ॥੩॥੧॥

ਰਾਮਕਲੀ ਮਹਲਾ ੯ ॥

ਸਾਧੋ ਕਉਨ ਜੁਗਤਿ ਅਬ ਕੀਜੈ ॥ ਜਾ ਤੇ ਦੁਰਮਤਿ ਸਗਲ ਬਿਨਾਸੈ ਰਾਮ ਭਗਤਿ ਮਨੁ ਭੀਜੈ ॥੧॥ ਰਹਾਉ ॥ ਮਨੁ ਮਾਇਆ ਮਹਿ ਉਰਝਿ ਰਹਿਓ ਹੈ ਬੂਝੈ ਨਹ ਕਛੁ ਗਿਆਨਾ ॥ ਕਉਨੁ ਨਾਮੁ ਜਗੁ ਜਾ ਕੈ ਸਿਮਰੈ ਪਾਵੈ ਪਦੁ ਨਿਰਬਾਨਾ ॥੧॥ ਭਏ ਦਇਆਲ ਕ੍ਰਿਪਾਲ ਸੰਤ ਜਨ ਤਬ ਇਹ ਬਾਤ ਬਤਾਈ ॥ ਸਰਬ ਧਰਮ ਮਾਨੋ ਤਿਹ ਕੀਏ ਜਿਹ ਪ੍ਰਭ ਕੀਰਤਿ ਗਾਈ ॥੨॥ ਰਾਮ ਨਾਮੁ ਨਰੁ ਨਿਸਿ ਬਾਸੁਰ ਮਹਿ ਨਿਮਖ ਏਕ ਉਰਿ ਧਾਰੈ ॥ ਜਮ ਕੋ ਤ੍ਰਾਸੁ ਮਿਟੈ ਨਾਨਕ ਤਿਹ ਅਪੁਨੋ ਜਨਮੁ ਸਵਾਰੈ ॥੩॥੨॥

ਰਾਮਕਲੀ ਮਹਲਾ ੯ ॥

ਪ੍ਰਾਨੀ ਨਾਰਾਇਨ ਸੁਧਿ ਲੇਹਿ ॥ ਛਿਨੁ ਛਿਨੁ ਅਉਧ ਘਟੈ ਨਿਸਿ ਬਾਸੁਰ ਬ੍ਰਿਥਾ ਜਾਤੁ ਹੈ ਦੇਹ ॥੧॥ ਰਹਾਉ ॥ ਤਰਨਾਪੋ ਬਿਖਿਅਨ ਸਿਉ ਖੋਇਓ ਬਾਲਪਨੁ ਅਗਿਆਨਾ ॥ ਬਿਰਧਿ ਭਇਓ ਅਜਹੂ ਨਹੀ ਸਮਝੈ ਕਉਨ ਕੁਮਤਿ ਉਰਝਾਨਾ ॥੧॥ ਮਾਨਸ ਜਨਮੁ ਦੀਓ ਜਿਹ ਠਾਕੁਰਿ ਸੋ ਤੈ ਕਿਉ ਬਿਸਰਾਇਓ ॥ ਮੁਕਤਿ ਹੋਤ ਨਰ ਜਾ ਕੈ ਸਿਮਰੈ ਨਿਮਖ ਨ ਤਾ ਕਉ ਗਾਇਓ ॥੨॥ ਮਾਇਆ ਕੋ ਮਦੁ ਕਹਾ ਕਰਤੁ ਹੈ ਸੰਗਿ

ਨ ਕਾਹੂ ਜਾਈ ॥ ਨਾਨਕੁ ਕਹਤੁ ਚੇਤਿ ਚਿੰਤਾਮਨਿ ਹੋਇ ਹੈ ਅੰਤਿ ਸਹਾਈ ॥੩॥੩॥੮੧॥

(ਅੰਗ: ੯੦੧-੯੦੨)

ਰਾਗੁ ਮਾਰੂ

ੴ ਸਤਿ ਗੁਰਪ੍ਰਸਾਦਿ ॥

ਰਾਗੁ ਮਾਰੂ ਮਹਲਾ ੯ ॥

ਹਰਿ ਕੋ ਨਾਮੁ ਸਦਾ ਸੁਖਦਾਈ ॥ ਜਾ ਕਉ ਸਿਮਰਿ ਅਜਾਮਲੁ ਉਧਰਿਓ ਗਨਿਕਾ ਹੂੰ ਗਤਿ ਪਾਈ ॥੧॥ ਰਹਾਉ ॥ ਪੰਚਾਲੀ ਕਉ ਰਾਜ ਸਭਾ ਮਹਿ ਰਾਮ ਨਾਮ ਸੁਧਿ ਆਈ ॥ ਤਾ ਕੋ ਦੂਖ ਹਰਿਓ ਕਰੁਣਾਮੈ ਅਪਨੀ ਪੈਜ ਬਢਾਈ ॥੧॥ ਜਿਹ ਨਰ ਜਸੁ ਕਿਰਪਾਨਿਧਿ ਗਾਇਓ ਤਾ ਕਉ ਭਇਓ ਸਹਾਈ ॥ ਕਹੁ ਨਾਨਕ ਮੈ ਇਹੀ ਭਰੋਸੈ ਗਹੀ ਆਨਿ ਸਰਨਾਈ ॥੨॥੧॥

ਮਾਰੂ ਮਹਲਾ ੯ ॥

ਅਬ ਮੈ ਕਹਾ ਕਰਉ ਰੀ ਮਾਈ ॥ ਸਗਲ ਜਨਮੁ ਬਿਖਿਅਨ ਸਿਉ ਖੋਇਆ ਸਿਮਰਿਓ ਨਾਹਿ ਕਨ੍ਹਾਈ ॥੧॥ ਰਹਾਉ ॥ ਕਾਲ ਫਾਸ ਜਬ ਗਰ ਮਹਿ ਮੇਲੀ ਤਿਹ ਸੁਧਿ ਸਭ ਬਿਸਰਾਈ ॥ ਰਾਮ ਨਾਮ ਬਿਨੁ ਯਾ ਸੰਕਟ ਮਹਿ ਕੋ ਅਬ ਹੋਤ ਸਹਾਈ ॥੧॥ ਜੋ ਸੰਪਤਿ ਅਪਨੀ ਕਰਿ ਮਾਨੀ ਛਿਨ ਮੋ ਭਈ ਪਰਾਈ ॥ ਕਹੁ ਨਾਨਕ ਯਹ ਸੋਚ ਰਹੀ ਮਨਿ ਹਰਿ ਜਸੁ ਕਬਹੂੰ ਨ ਗਾਈ ॥੨॥੨॥

ਮਾਰੂ ਮਹਲਾ ੯ ॥

ਮਾਈ ਮੈ ਮਨ ਕੋ ਮਾਨੁ ਨ ਤਿਆਗਿਓ ॥ ਮਾਇਆ ਕੈ ਮਦਿ ਜਨਮੁ ਸਿਰਾਇਓ ਰਾਮ ਭਜਨਿ ਨਹੀ ਲਾਗਿਓ ॥੧॥ ਰਹਾਉ ॥ ਜਮ ਕੋ ਡੰਡੁ ਪਰਿਓ ਸਿਰ ਊਪਰਿ ਤਬ ਸੋਵਤ ਤੈ ਜਾਗਿਓ ॥ ਕਹਾ ਹੋਤ ਅਬ ਕੈ ਪਛੁਤਾਏ ਛੂਟਤ ਨਾਹਿਨ ਭਾਗਿਓ ॥੧॥ ਇਹ ਚਿੰਤਾ ਉਪਜੀ ਘਟ ਮਹਿ ਜਬ ਗੁਰ ਚਰਨਨ ਅਨੁਰਾਗਿਓ ॥ ਸਫਲੁ ਜਨਮੁ ਨਾਨਕ ਤਬ ਹੂਆ ਜਉ ਪ੍ਰਭ ਜਸ ਮਹਿ ਪਾਗਿਓ ॥੨॥੩॥

(ਅੰਗ: ੧੦੦੮)

ਰਾਗੁ ਬਸੰਤੁ

ੴ ਸਤਿ ਗੁਰਪ੍ਰਸਾਦਿ ॥

ਰਾਗੁ ਬਸੰਤੁ ਹਿੰਡੋਲ ਮਹਲਾ ੯ ॥

ਸਾਧੋ ਇਹੁ ਤਨੁ ਮਿਥਿਆ ਜਾਨਉ ॥ ਯਾ ਭੀਤਰਿ ਜੋ ਰਾਮੁ ਬਸਤੁ ਹੈ ਸਾਚੋ ਤਾਹਿ ਪਛਾਨੋ ॥੧॥ ਰਹਾਉ ॥ ਇਹੁ ਜਗੁ ਹੈ ਸੰਪਤਿ ਸੁਪਨੇ ਕੀ ਦੇਖਿ ਕਹਾ ਐਡਾਨੋ ॥ ਸੰਗਿ ਤਿਹਾਰੈ ਕਛੂ ਨ ਚਾਲੈ ਤਾਹਿ ਕਹਾ ਲਪਟਾਨੋ ॥੧॥ ਉਸਤਤਿ ਨਿੰਦਾ ਦੋਊ ਪਰਹਰਿ ਹਰਿ ਕੀਰਤਿ ਉਰਿ ਆਨੋ ॥ ਜਨ ਨਾਨਕ ਸਭ ਹੀ ਮਹਿ ਪੂਰਨੁ ਏਕੁ ਪੁਰਖੁ ਭਗਵਾਨੋ ॥੨॥੧॥

ਬਸੰਤੁ ਮਹਲਾ ੯ ॥

ਪਾਪੀ ਹੀਐ ਮਹਿ ਕਾਮੁ ਬਸਾਇ ॥ ਮਨੁ ਚੰਚਲੁ ਯਾ ਤੇ ਗਹਿਓ ਨ ਜਾਇ ॥੧॥ ਰਹਾਉ ॥ ਜੋਗੀ ਜੰਗਮ ਅਰੁ ਸੰਨਿਆਸ ॥ ਸਭ ਹੀ ਪਰਿ ਡਾਰੀ ਇਹ ਫਾਸ ॥੧॥ ਜਿਹ ਜਿਹ ਹਰਿ ਕੇ ਨਾਮੁ ਸਮਾਰਿ ॥ ਤੇ ਭਵ ਸਾਗਰੁ ਉਤਰੇ ਪਾਰਿ ॥੨॥ ਜਨ ਨਾਨਕ ਹਰਿ ਕੀ ਸਰਨਾਇ ॥ ਦੀਜੈ ਨਾਮੁ ਰਹੈ ਗੁਨ ਗਾਇ ॥੩॥੨॥

ਬਸੰਤੁ ਮਹਲਾ ੯ ॥

ਮਾਈ ਮੈ ਧਨੁ ਪਾਇਓ ਹਰਿ ਨਾਮੁ ॥ ਮਨੁ ਮੇਰੋ ਧਾਵਨ ਤੇ ਛੂਟਿਓ ਕਰਿ ਬੈਠੋ ਬਿਸਰਾਮੁ ॥੧॥ ਰਹਾਉ ॥ ਮਾਇਆ ਮਮਤਾ ਤਨ ਤੇ ਭਾਗੀ ਉਪਜਿਓ ਨਿਰਮਲ ਗਿਆਨੁ ॥ ਲੋਭ ਮੋਹ ਏ ਪਰਸਿ ਨ ਸਾਕਹਿ ਗਹੀ ਭਗਤਿ ਭਗਵਾਨ ॥੧॥ ਜਨਮ ਜਨਮ ਕਾ ਸੰਸਾ ਚੂਕਾ ਰਤਨੁ ਨਾਮੁ ਜਬ ਪਾਇਆ ॥ ਤ੍ਰਿਸਨਾ ਸਕਲ ਬਿਨਾਸੀ ਮਨ ਤੇ ਨਿਜ ਸੁਖ ਮਾਹਿ ਸਮਾਇਆ ॥੨॥ ਜਾ ਕਉ ਹੋਤ ਦਇਆਲੁ ਕਿਰਪਾ ਨਿਧਿ ਸੋ ਗੋਬਿੰਦ ਗੁਨ ਗਾਵੈ ॥ ਕਹੁ ਨਾਨਕ ਇਹ ਬਿਧਿ ਕੀ ਸੰਪੈ ਕੋਊ ਗੁਰਮੁਖਿ ਪਾਵੈ ॥੩॥੩॥

ਬਸੰਤੁ ਮਹਲਾ ੯ ॥

ਮਨ ਕਹਾ ਬਿਸਾਰਿਓ ਰਾਮ ਨਾਮੁ ॥ ਤਨੁ ਬਿਨਸੈ ਜਮ ਸਿਉ ਪਰੈ ਕਾਮੁ ॥੧॥ ਰਹਾਉ ॥ ਇਹੁ ਜਗੁ ਧੂਏ ਕਾ ਪਹਾਰੁ ॥ ਤੈ ਸਾਚਾ ਮਾਨਿਆ ਕਿਹ ਬਿਚਾਰਿ ॥੧॥ ਧਨੁ ਦਾਰਾ ਸੰਪਤਿ ਗ੍ਰੇਹ ॥ ਕਛੁ ਸੰਗਿ ਨ ਚਾਲੈ ਸਮਝਿ ਲੇਹਿ ॥੨॥ ਇਕ ਭਗਤਿ ਨਾਰਾਇਨ ਹੋਇ ਸੰਗਿ ॥ ਕਹੁ ਨਾਨਕ ਭਜੁ ਤਿਹ ਏਕ ਰੰਗਿ ॥੩॥੪॥

ਬਸੰਤੁ ਮਹਲਾ ੯ ॥

ਕਹਾ ਭੂਲਿਓ ਰੇ ਝੂਠੈ ਲੋਭਿ ਲਾਗਿ ॥ ਕਛੁ ਬਿਗਰਿਓ ਨਾਹਿਨ ਅਜਹੁ ਜਾਗੁ ॥੧॥ ਰਹਾਉ ॥ ਸਮ ਸੁਪਨੇ ਕੈ ਇਹੁ ਜਗੁ ਜਾਨੁ ॥ ਬਿਨਸੈ ਛਿਨ ਮਹਿ ਸਾਚੀ ਮਾਨੁ ॥੧॥ ਸੰਗਿ ਤੇਰੈ ਹਰਿ ਬਸਤੁ ਨੀਤ ॥ ਨਿਸਿ ਬਾਸੁਰ ਭਜੁ ਤਾਹਿ ਮੀਤ ॥੨॥ ਬਾਰ ਅੰਤ ਕੀ ਹੋਇ ਸਹਾਇ ॥ ਕਹੁ ਨਾਨਕ ਗੁਨ ਤਾ ਕੇ ਗਾਇ ॥੩॥੫॥

(ਅੰਗ: ੧੧੮੬-੮੭)

ਰਾਗੁ ਸਾਰੰਗ

ੴ ਸਤਿ ਗੁਰਪ੍ਰਸਾਦਿ ॥

ਰਾਗੁ ਸਾਰੰਗ ਮਹਲਾ ੯ ॥

ਹਰਿ ਬਿਨੁ ਤੇਰੋ ਕੋ ਨ ਸਹਾਈ ॥ ਕਾਂ ਕੀ ਮਾਤ ਪਿਤਾ ਸੁਤ ਬਨਿਤਾ ਕੋ ਕਾਹੂ ਕੋ ਭਾਈ ॥੧॥ ਰਹਾਉ ॥ ਧਨੁ ਧਰਨੀ ਅਰੁ ਸੰਪਤਿ ਸਗਰੀ ਜੋ ਮਾਨਿਓ ਅਪਨਾਈ ॥ ਤਨਿ ਛੂਟੈ ਕਛੁ ਸੰਗਿ ਨ ਚਾਲੈ ਕਹਾ ਤਾਹਿ ਲਪਟਾਈ ॥੧॥ ਦੀਨ ਦਇਆਲ ਸਦਾ ਦੁਖ ਭੰਜਨੁ ਤਾ ਸਿਉ ਰੁਚ ਨ ਬਢਾਈ ॥ ਨਾਨਕੁ ਕਹਤੁ ਜਗਤੁ ਸਭੁ ਮਿਥਿਆ ਜਿਉ ਸੁਪਨਾ ਰੈਨਾਈ ॥੨॥੧॥

ਸਾਰੰਗ ਮਹਲਾ ੯ ॥

ਕਹਾ ਮਨ ਬਿਖਿਆ ਸਿਉ ਲਪਟਾਹੀ ॥ ਯਾ ਜਗ ਮਹਿ ਕੋਊ ਰਹਨੁ ਨ ਪਾਵੈ ਇਕਿ ਆਵਹਿ ਇਕਿ ਜਾਹੀ ॥੧॥ ਰਹਾਉ ॥ ਕਾਂ ਕੋ ਤਨੁ ਧਨੁ ਸੰਪਤਿ ਕਾਂ ਕੀ ਕਾ ਸਿਉ ਨੇਹੁ ਲਗਾਹੀ ॥ ਜੋ ਦੀਸੈ ਸੋ ਸਗਲ ਬਿਨਾਸੈ ਜਿਉ ਬਾਦਰ ਕੀ ਛਾਹੀ ॥੧॥ ਤਜਿ ਅਭਿਮਾਨੁ ਸਰਣਿ ਸੰਤਨ ਗਹੁ ਮੁਕਤ ਹੋਹਿ ਛਿਨ ਮਾਹੀ ॥ ਜਨ ਨਾਨਕ ਭਗਵੰਤ ਭਜਨ ਬਿਨੁ ਸੁਖੁ ਸੁਪਨੇ ਭੀ ਨਾਹੀ ॥੨॥੨॥

ਸਾਰੰਗ ਮਹਲਾ ੯ ॥

ਕਹਾ ਨਰੁ ਅਪਨੋ ਜਨਮੁ ਗਵਾਵੈ ॥ ਮਾਇਆ ਮਦਿ ਬਿਖਿਆ ਰਸਿ ਰਚਿਓ ਰਾਮ ਸਰਨਿ ਨਹੀ ਆਵੈ ॥੧॥ ਰਹਾਉ ॥ ਇਹੁ ਸੰਸਾਰੁ ਸਗਲ ਹੈ ਸੁਪਨੋ ਦੇਖਿ ਕਹਾ ਲੋਭਾਵੈ ॥ ਜੋ ਉਪਜੈ ਸੋ ਸਗਲ ਬਿਨਾਸੈ ਰਹਨੁ ਨ ਕੋਊ ਪਾਵੈ ॥੧॥ ਮਿਥਿਆ ਤਨੁ ਸਾਚੋ ਕਰਿ ਮਾਨਿਓ ਇਹ ਬਿਧਿ ਆਪੁ ਬੰਧਾਵੈ ॥ ਜਨ ਨਾਨਕ ਸੋਊ ਜਗਿ ਮੁਕਤਾ ਰਾਮ ਭਜਨਿ ਚਿਤੁ ਲਾਵੈ ॥੨॥੩॥

ਸਾਰੰਗ ਮਹਲਾ ੯ ॥

ਮਨ ਕਰਿ ਕਬਹੂੰ ਨ ਹਰਿ ਗੁਨ ਗਾਇਓ ॥ ਬਿਖਿਆਸਕਤ ਰਹਿਓ ਨਿਸਿ ਬਾਸੁਰ ਕੀਨੋ ਅਪਨੋ ਭਾਇਓ ॥੧॥ ਰਹਾਉ ॥ ਗੁਰ ਉਪਦੇਸੁ ਸੁਨਿਓ ਨਹ ਕਾਨਨ ਪਰ ਦਾਰਾ ਲਪਟਾਇਓ ॥ ਪਰ ਨਿੰਦਿਆ ਕਾਰਨਿ ਬਹੁ ਧਾਵਤ ਸਮਝਿਓ ਨਹ ਸਮਝਾਇਓ ॥੧॥ ਕਹਾ ਕਹਉ ਮੈ ਅਪੁਨੀ ਕਰਨੀ ਜਿਹ ਬਿਧਿ ਜਨਮੁ ਗਵਾਇਓ ॥ ਕਹਿ ਨਾਨਕ ਸਭਿ ਅਉਗਨ ਮੋ ਮਹਿ ਰਾਖਿ ਲੇਹੁ ਸਰਨਾਇਓ ॥੨॥੪॥੩॥੧੩॥

(ਅੰਗ: ੧੨੩੧)

ਰਾਗੁ ਜੈਜਾਵੰਤੀ

ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ
ਅਕਾਲ ਮੂਰਤਿ ਅਜੂਨੀ ਸੈਭੰ ਗੁਰਪ੍ਰਸਾਦਿ ॥

ਰਾਗੁ ਜੈਜਾਵੰਤੀ ਮਹਲਾ ੯ ॥

ਰਾਮੁ ਸਿਮਰਿ ਰਾਮੁ ਸਿਮਰਿ ਇਹੈ ਤੇਰੈ ਕਾਜਿ ਹੈ ॥ ਮਾਇਆ ਕੋ ਸੰਗੁ ਤਿਆਗਿ ਪ੍ਰਭ ਜੂ ਕੀ ਸਰਨਿ ਲਾਗੁ ॥ ਜਗਤ ਸੁਖ ਮਾਨੁ ਮਿਥਿਆ ਝੂਠੋ ਸਭੁ ਸਾਜੁ ਹੈ ॥੧॥ ਰਹਾਉ ॥ ਸੁਪਨੇ ਜਿਉ ਧਨੁ ਪਛਾਨੁ ਕਾਹੇ ਪਰਿ ਕਰਤ ਮਾਨੁ ॥ ਬਾਰੂ ਕੀ ਭੀਤਿ ਜੈਸੇ ਬਸੁਧਾ ਕੋ ਰਾਜੁ ਹੈ ॥੧॥ ਨਾਨਕ ਜਨੁ ਕਹਤ ਬਾਤ ਬਿਨਸਿ ਜੈ ਹੈ ਤੇਰੋ ਗਾਤੁ ॥ ਛਿਨੁ ਛਿਨੁ ਕਰਿ ਗਇਓ ਕਾਲੁ ਤੈਸੇ ਜਾਤੁ ਆਜੁ ਹੈ ॥੨॥੧॥

ਜੈਜਾਵੰਤੀ ਮਹਲਾ ੯ ॥

ਰਾਮੁ ਭਜੁ ਰਾਮੁ ਭਜੁ ਜਨਮੁ ਸਿਰਾਤੁ ਹੈ ॥ ਕਹਉ ਕਹਾ ਬਾਰ ਬਾਰ ਸਮਝਤ ਨਹ ਕਿਉ ਗਵਾਰ ॥ ਬਿਨਸਤ ਨਹ ਲਗੈ ਬਾਰ ਓਰੇ ਸਮ ਗਾਤੁ ਹੈ ॥੧॥ ਰਹਾਉ ॥ ਸਗਲ ਭਰਮ ਡਾਰਿ ਦੇਹਿ ਗੋਬਿੰਦ ਕੋ ਨਾਮੁ ਲੇਹਿ ॥ ਅੰਤਿ ਬਾਰ ਸੰਗਿ ਤੇਰੈ ਇਹੈ ਏਕੁ ਜਾਤੁ ਹੈ ॥੧॥ ਬਿਖਿਆ ਬਿਖੁ ਜਿਉ ਬਿਸਾਰਿ ਪ੍ਰਭ ਕੌ ਜਸੁ ਹੀਏ ਧਾਰਿ ॥ ਨਾਨਕ ਜਨੁ ਕਹੈ ਪੁਕਾਰਿ ਅਉਸਰੁ ਬਿਹਾਤੁ ਹੈ ॥੨॥੨॥

ਜੈਜਾਵੰਤੀ ਮਹਲਾ ੯ ॥

ਰੇ ਮਨ ਕਉਨ ਗਤਿ ਹੋਇ ਹੈ ਤੇਰੀ ॥ ਇਹ ਜਗ ਮਹਿ ਰਾਮ ਨਾਮੁ ਸੋ ਤਉ ਨਹੀ ਸੁਨਿਓ ਕਾਨਿ ॥ ਬਿਖਿਅਨ ਸਿਉ ਅਤਿ ਲੁਭਾਨਿ ਮਤਿ ਨਾਹਿਨ ਫੇਰੀ ॥੧॥ ਰਹਾਉ ॥ ਮਾਨਸ ਕੋ ਜਨਮੁ ਲੀਨ ਸਿਮਰਨੁ ਨਹ ਨਿਮਖ ਕੀਨ ॥ ਦਾਰਾ ਸੁਖ ਭਇਓ ਦੀਨ ਪਗਹੁ ਪਰੀ ਬੇਰੀ ॥੧॥ ਨਾਨਕ ਜਨੁ ਕਹਿ ਪੁਕਾਰਿ ਸੁਪਨੈ ਜਿਉ ਜਗ ਪਸਾਰੁ ॥ ਸਿਮਰਤ ਨਹਿ ਕਿਉ ਮੁਰਾਰਿ ਮਾਇਆ ਜਾ ਕੀ ਚੇਰੀ ॥੨॥੩॥

ਜੈਜਾਵੰਤੀ ਮਹਲਾ ੯ ॥

ਬੀਤਿ ਜੈ ਹੈ ਬੀਤਿ ਜੈ ਹੈ ਜਨਮੁ ਅਕਾਜੁ ਹੈ ॥ ਨਿਸਿ ਦਿਨੁ ਸੁਨਿ ਕੈ ਪੁਰਾਨ ਸਮਝਤ ਨਹ ਰੇ ਅਜਾਨ ॥ ਕਾਲੁ ਤਉ ਪਹੂਚਿਓ ਆਨਿ ਕਹਾ ਜੈ ਹੈ ਭਾਜਿ ਰੇ ॥੧॥ ਰਹਾਉ ॥ ਅਸਥਿਰ ਜੋ ਮਾਨਿਓ ਦੇਹ ਸੋ ਤਉ ਤੇਰਉ ਹੋਇ ਹੈ ਖੇਹ ॥ ਕਿਉ ਨ ਹਰਿ ਕੋ ਨਾਮੁ ਲੇਹਿ ਮੂਰਖ ਨਿਲਾਜ ਰੇ ॥੧॥ ਰਾਮ ਭਗਤਿ ਹੀਏ ਆਨਿ ਛਾਡਿ ਦੇ ਤੈ ਮਨ ਕੋ ਮਾਨੁ ॥ ਨਾਨਕ ਜਨ ਇਹ ਬਖਾਨ ਜਗ ਮਹਿ ਬਿਰਾਜੁ ਰੇ ॥੨॥੪॥

(ਅੰਗ: ੧੩੫੨)

ਸਲੋਕ ਮਹਲਾ ੯

ੴ ਸਤਿ ਗੁਰਪ੍ਰਸਾਦਿ ॥

ਸਲੋਕ ਮਹਲਾ ੯ ॥

ਗੁਨ ਗੋਬਿੰਦ ਗਾਇਓ ਨਹੀ ਜਨਮੁ ਅਕਾਰਥੁ ਕੀਨ ॥
ਕਹੁ ਨਾਨਕ ਹਰਿ ਭਜੁ ਮਨਾ ਜਿਹ ਬਿਧਿ ਜਲ ਕਉ ਮੀਨ ॥੧॥

ਬਿਖਿਅਨ ਸਿਉ ਕਾਹੇ ਰਚਿਓ ਨਿਮਖ ਨ ਹੋਹਿ ਉਦਾਸੁ ॥
ਕਹੁ ਨਾਨਕ ਭਜੁ ਹਰਿ ਮਨਾ ਪਰੈ ਨ ਜਮ ਕੀ ਫਾਸ ॥੨॥*

ਤਰਨਾਪੋ ਇਉ ਹੀ ਗਇਓ ਲੀਓ ਜਰਾ ਤਨੁ ਜੀਤਿ ॥
ਕਹੁ ਨਾਨਕ ਭਜੁ ਹਰਿ ਮਨਾ ਅਉਧ ਜਾਤੁ ਹੈ ਬੀਤਿ ॥੩॥

ਬਿਰਧਿ ਭਇਓ ਸੂਝੈ ਨਹੀ ਕਾਲੁ ਪਹੂਚਿਓ ਆਨਿ ॥
ਕਹੁ ਨਾਨਕ ਨਰ ਬਾਵਰੇ ਕਿਉ ਨ ਭਜਹਿ ਭਗਵਾਨੁ ॥੪॥

ਧਨੁ ਦਾਰਾ ਸੰਪਤਿ ਸਗਲ ਜਿਨਿ ਅਪੁਨੀ ਕਰਿ ਮਾਨਿ ॥
ਇਨ ਮਹਿ ਕਛੁ ਸੰਗੀ ਨਹੀ ਨਾਨਕ ਸਾਚੀ ਜਾਨਿ ॥੫॥

ਪਤਿਤ ਉਧਾਰਨ ਭੈ ਹਰਨ ਹਰਿ ਅਨਾਥ ਕੇ ਨਾਥ ॥
ਕਹੁ ਨਾਨਕ ਤਿਹ ਜਾਨੀਐ ਸਦਾ ਬਸਤੁ ਤੁਮ ਸਾਥਿ ॥੬॥

ਤਨੁ ਧਨੁ ਜਿਹ ਤੋ ਕਉ ਦੀਓ ਤਾ ਸਿਉ ਨੇਹੁ ਨ ਕੀਨ ॥

---

* ਜਨਵਰੀ ੧੯੭੭ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਇੱਕ ਪੁਸਤਕ ਪ੍ਰਕਾਸ਼ਿਤ ਕੀਤੀ ਜਿਸ ਦਾ ਨਾਮ ਸੀ 'ਸ੍ਰੀ ਗੁਰੁ ਗ੍ਰੰਥ ਸਾਹਿਬ ਜੀ ਦੀਆਂ ਸੰਥਾ-ਸੈਂਚੀਆਂ ਅਤੇ ਪੁਰਾਤਨ ਹੱਥ ਲਿਖਿਤ ਪਾਵਨ ਬੀੜਾਂ ਦੇ ਪਰਸਪਰ ਪਾਠ-ਭੇਦਾਂ ਦੀ ਸੂਚੀ'। ਇਸ ਖੋਜ-ਭਰਪੂਰ ਪੁਸਤਕ ਦੇ ਸੰਪਾਦਕ ਸ. ਰਣਧੀਰ ਸਿੰਘ ਜੀ (ਰੀਸਰਚਰ), ਗਿਆਨੀ ਕੁੰਦਨ ਸਿੰਘ ਅਤੇ ਭਾਈ ਗਿਆਨ ਸਿੰਘ ਜੀ 'ਨਿਹੰਗ' ਸਨ। ਇਸ ਪੁਸਤਕ ਅਨੁਸਾਰ 'ਪਰਹਿ' ਅਤੇ 'ਭਜਹਿ' ਪਾਠ ਨੂੰ ਸ਼ੁਧ ਮੰਨਿਆ ਗਿਆ ਹੈ।ਪੰਨਾ ਨੰ ੮੪੫ ਅਤੇ ੮੪੬ ਤੇ 'ਪਰਹਿ' ਪਾਠ ਦਾ ਇੱਕ ਹਵਾਲਾ ਦਿਤਾ ਹੈ ਅਤੇ 'ਭਜਹਿ' ਪਾਠ ਦੇ ਪੰਜ ਹਵਾਲੇ ਦਿਤੇ ਗਿਏ ਹਨ। ਗਿਆਨੀ ਹਰਬੰਸ ਸਿੰਘ ਜੀ 'ਬਾਣੀ ਸ੍ਰੀ ਗੁਰੂ ਤੇਗ ਬਹਾਦਰ ਜੀ ਸਟੀਕ' (ਪੰਨਾ ੯੫) ਵਿੱਚ 'ਪਰੈ' ਨੂੰ 'ਪਰਹਿ' ਕਰਕੇ ਲਿਖਦੇ ਹਨ ਪਰ ਉਨ੍ਹਾਂ ਨੇ ਇਸ ਬਾਰੇ ਕੋਈ ਹਵਾਲਾ ਜਾਂ ਵਧੇਰੇ ਜਾਣਕਾਰੀ ਨਹੀਂ ਦਿੱਤੀ।

ਕਹੁ ਨਾਨਕ ਨਰ ਬਾਵਰੇ ਅਬ ਕਿਉ ਡੋਲਤ ਦੀਨ ॥੭॥

ਤਨੁ ਧਨੁ ਸੰਪੈ ਸੁਖ ਦੀਓ ਅਰੁ ਜਿਹ ਨੀਕੇ ਧਾਮ ॥
ਕਹੁ ਨਾਨਕ ਸੁਨੁ ਰੇ ਮਨਾ ਸਿਮਰਤ ਕਾਹਿ ਨ ਰਾਮੁ ॥੮॥

ਸਭ ਸੁਖ ਦਾਤਾ ਰਾਮੁ ਹੈ ਦੂਸਰ ਨਾਹਿਨ ਕੋਇ ॥
ਕਹੁ ਨਾਨਕ ਸੁਨਿ ਰੇ ਮਨਾ ਤਿਹ ਸਿਮਰਤ ਗਤਿ ਹੋਇ ॥੯॥

ਜਿਹ ਸਿਮਰਤ ਗਤਿ ਪਾਈਐ ਤਿਹ ਭਜੁ ਰੇ ਤੈ ਮੀਤ ॥
ਕਹੁ ਨਾਨਕ ਸੁਨਿ ਰੇ ਮਨਾ ਅਉਧ ਘਟਤ ਹੈ ਨੀਤ ॥੧੦॥

ਪਾਂਚ ਤਤ ਕੋ ਤਨੁ ਰਚਿਓ ਜਾਨਹੁ ਚਤੁਰ ਸੁਜਾਨ ॥
ਜਿਹ ਤੇ ਉਪਜਿਓ ਨਾਨਕਾ ਲੀਨ ਤਾਹਿ ਮਹਿ ਮਾਨੁ ॥੧੧॥

ਘਟ ਘਟ ਮਹਿ ਹਰਿ ਜੂ ਬਸੈ ਸੰਤਨ ਕਹਿਓ ਪੁਕਾਰਿ ॥
ਕਹੁ ਨਾਨਕ ਤਿਹ ਭਜੁ ਮਨਾ ਭਉਨਿਧਿ ਉਤਰਹਿ ਪਾਰਿ ॥੧੨॥

ਸੁਖੁ ਦੁਖੁ ਜਿਹ ਪਰਸੈ ਨਹੀ ਲੋਭੁ ਮੋਹੁ ਅਭਿਮਾਨੁ ॥
ਕਹੁ ਨਾਨਕ ਸੁਨਿ ਰੇ ਮਨਾ ਸੋ ਮੂਰਤਿ ਭਗਵਾਨ ॥੧੩॥

ਉਸਤਤਿ ਨਿੰਦਿਆ ਨਾਹਿ ਜਿਹ ਕੰਚਨ ਲੋਹ ਸਮਾਨਿ ॥
ਕਹੁ ਨਾਨਕ ਸੁਨਿ ਰੇ ਮਨਾ ਮੁਕਤਿ ਤਾਹਿ ਤੈ ਜਾਨਿ ॥੧੪॥

ਹਰਖੁ ਸੋਗੁ ਜਾ ਕੈ ਨਹੀ ਬੈਰੀ ਮੀਤ ਸਮਾਨਿ ॥
ਕਹੁ ਨਾਨਕ ਸੁਨਿ ਰੇ ਮਨਾ ਮੁਕਤਿ ਤਾਹਿ ਤੈ ਜਾਨਿ ॥੧੫॥

ਭੈ ਕਾਹੂ ਕਉ ਦੇਤ ਨਹਿ ਨਹਿ ਭੈ ਮਾਨਤ ਆਨ ॥
ਕਹੁ ਨਾਨਕ ਸੁਨਿ ਰੇ ਮਨਾ ਗਿਆਨੀ ਤਾਹਿ ਬਖਾਨਿ ॥੧੬॥

ਜਿਹ ਬਿਖਿਆ ਸਗਲੀ ਤਜੀ ਲੀਓ ਭੇਖੁ ਬੈਰਾਗ ॥
ਕਹੁ ਨਾਨਕ ਸੁਨਿ ਰੇ ਮਨਾ ਤਿਹ ਨਰ ਮਾਥੈ ਭਾਗੁ ॥੧੭॥

ਜਿਹ ਮਾਇਆ ਮਮਤਾ ਤਜੀ ਸਭ ਤੇ ਭਇਓ ਉਦਾਸੁ ॥
ਕਹੁ ਨਾਨਕ ਸੁਨਿ ਰੇ ਮਨਾ ਤਿਹ ਘਟਿ ਬ੍ਰਹਮ ਨਿਵਾਸੁ ॥੧੮॥

ਜਿਹ ਪ੍ਰਾਨੀ ਹਉਮੈ ਤਜੀ ਕਰਤਾ ਰਾਮੁ ਪਛਾਨਿ ॥
ਕਹੁ ਨਾਨਕ ਵਹੁ ਮੁਕਤ ਨਰੁ ਇਹ ਮਨ ਸਾਚੀ ਮਾਨੁ ॥੧੯॥

ਭੈ ਨਾਸਨ ਦੁਰਮਤਿ ਹਰਨ ਕਲਿ ਮਹਿ ਹਰਿ ਕੋ ਨਾਮੁ ॥
ਨਿਸਿ ਦਿਨੁ ਜੋ ਨਾਨਕ ਭਜੈ ਸਫਲ ਹੋਹਿ ਤਿਹ ਕਾਮ ॥੨੦॥

ਜਿਹਬਾ ਗੁਨ ਗੋਬਿੰਦ ਭਜਹੁ ਕਰਨ ਸੁਨਹੁ ਹਰਿਨਾਮੁ ॥
ਕਹੁ ਨਾਨਕ ਸੁਨਿ ਰੇ ਮਨਾ ਪਰਹਿ ਨ ਜਮ ਕੈ ਧਾਮ ॥੨੧॥

ਜੋ ਪ੍ਰਾਨੀ ਮਮਤਾ ਤਜੈ ਲੋਭ ਮੋਹ ਅਹੰਕਾਰੁ ॥
ਕਹੁ ਨਾਨਕ ਆਪਨ ਤਰੈ ਅਉਰਨ ਲੇਤ ਉਧਾਰਿ ॥੨੨॥

ਜਿਉ ਸੁਪਨਾ ਅਰੁ ਪੇਖਨਾ ਐਸੇ ਜਗ ਕਉ ਜਾਨਿ ॥
ਇਨ ਮਹਿ ਕਛੁ ਸਾਚੋ ਨਹੀ ਨਾਨਕ ਬਿਨੁ ਭਗਵਾਨ ॥੨੩॥

ਨਿਸਿ ਦਿਨੁ ਮਾਇਆ ਕਾਰਨੇ ਪ੍ਰਾਨੀ ਡੋਲਤ ਨੀਤ ॥
ਕੋਟਨ ਮਹਿ ਨਾਨਕ ਕੋਊ ਨਾਰਾਇਨੁ ਜਿਹ ਚੀਤਿ ॥੨੪॥

ਜੈਸੇ ਜਲ ਤੇ ਬੁਦਬੁਦਾ ਉਪਜੈ ਬਿਨਸੈ ਨੀਤ ॥
ਜਗ ਰਚਨਾ ਤੈਸੇ ਰਚੀ ਕਹੁ ਨਾਨਕ ਸੁਨਿ ਮੀਤ ॥੨੫॥

ਪ੍ਰਾਨੀ ਕਛੂ ਨ ਚੇਤਈ ਮਦਿ ਮਾਇਆ ਕੈ ਅੰਧੁ ॥
ਕਹੁ ਨਾਨਕ ਬਿਨੁ ਹਰਿ ਭਜਨ ਪਰਤ ਤਾਹਿ ਜਮ ਫੰਧ ॥੨੬॥

ਜਉ ਸੁਖ ਕਉ ਚਾਹਹਿ ਸਦਾ ਸਰਨਿ ਰਾਮ ਕੀ ਲੇਹਿ ॥
ਕਹੁ ਨਾਨਕ ਸੁਨਿ ਰੇ ਮਨਾ ਦੁਰਲਭ ਮਾਨੁਖ ਦੇਹ ॥੨੭॥

ਮਾਇਆ ਕਾਰਨਿ ਧਾਵਹੀ ਮੂਰਖ ਲੋਗ ਅਜਾਨ ॥
ਕਹੁ ਨਾਨਕ ਬਿਨੁ ਹਰਿ ਭਜਨ ਬਿਰਥਾ ਜਨਮੁ ਸਿਰਾਨਿ ॥੨੮॥

ਜੋ ਪ੍ਰਾਨੀ ਨਿਸਿ ਦਿਨੁ ਭਜੈ ਰੂਪੁ ਰਾਮ ਤਿਹ ਜਾਨੁ ॥
ਹਰਿ ਜਨ ਹਰਿ ਅੰਤਰੁ ਨਹੀ ਨਾਨਕ ਸਾਚੀ ਮਾਨੁ ॥੨੯॥

ਮਨੁ ਮਾਇਆ ਮਹਿ ਫਧਿ ਰਹਿਓ ਬਿਸਰਿਓ ਗੋਬਿੰਦ ਨਾਮੁ ॥

ਕਹੁ ਨਾਨਕ ਬਿਨੁ ਹਰਿ ਭਜਨ ਜੀਵਨੁ ਕਉਨੇ ਕਾਮ ॥੩੦॥

ਪ੍ਰਾਨੀ ਰਾਮੁ ਨ ਚੇਤਈ ਮਦਿ ਮਾਇਆ ਕੈ ਅੰਧੁ ॥
ਕਹੁ ਨਾਨਕ ਹਰਿ ਭਜਨ ਬਿਨੁ ਪਰਤ ਤਾਹਿ ਜਮ ਫੰਧ ॥੩੧॥

ਸੁਖ ਮਹਿ ਬਹੁ ਸੰਗੀ ਭਏ ਦੁਖ ਮਹਿ ਸੰਗਿ ਨ ਕੋਇ ॥
ਕਹੁ ਨਾਨਕ ਹਰਿ ਭਜੁ ਮਨਾ ਅੰਤਿ ਸਹਾਈ ਹੋਇ ॥੩੨॥

ਜਨਮ ਜਨਮ ਭਰਮਤ ਫਿਰਿਓ ਮਿਟਿਓ ਨ ਜਮ ਕੋ ਤ੍ਰਾਸੁ ॥
ਕਹੁ ਨਾਨਕ ਹਰਿ ਭਜੁ ਮਨਾ ਨਿਰਭੈ ਪਾਵਹਿ ਬਾਸੁ ॥੩੩॥

ਜਤਨ ਬਹੁਤੁ ਮੈ ਕਰਿ ਰਹਿਓ ਮਿਟਿਓ ਨ ਮਨ ਕੋ ਮਾਨੁ ॥
ਦੁਰਮਤਿ ਸਿਉ ਨਾਨਕ ਫਧਿਓ ਰਾਖਿ ਲੇਹੁ ਭਗਵਾਨ ॥੩੪॥

ਬਾਲ ਜੁਆਨੀ ਅਰੁ ਬਿਰਧਿ ਫੁਨਿ ਤੀਨਿ ਅਵਸਥਾ ਜਾਨਿ ॥
ਕਹੁ ਨਾਨਕ ਹਰਿ ਭਜਨ ਬਿਨੁ ਬਿਰਥਾ ਸਭ ਹੀ ਮਾਨੁ ॥੩੫॥

ਕਰਣੋ ਹੁਤੋ ਸੁ ਨਾ ਕੀਓ ਪਰਿਓ ਲੋਭ ਕੈ ਫੰਧ ॥
ਨਾਨਕ ਸਮਿਓ ਰਮਿ ਗਇਓ ਅਬ ਕਿਉ ਰੋਵਤ ਅੰਧ ॥੩੬॥

ਮਨੁ ਮਾਇਆ ਮਹਿ ਰਮਿ ਰਹਿਓ ਨਿਕਸਤ ਨਾਹਿਨ ਮੀਤ ॥
ਨਾਨਕ ਮੂਰਤਿ ਚਿਤ੍ਰ ਜਿਉ ਛਾਡਤ ਨਾਹਿਨ ਭੀਤਿ ॥੩੭॥

ਨਰ ਚਾਹਤ ਕਛੁ ਅਉਰ ਅਉਰੈ ਕੀ ਅਉਰੈ ਭਈ ॥
ਚਿਤਵਤ ਰਹਿਓ ਠਗਉਰ ਨਾਨਕ ਫਾਸੀ ਗਲਿ ਪਰੀ ॥੩੮॥

ਜਤਨ ਬਹੁਤੁ ਸੁਖ ਕੇ ਕੀਏ ਦੁਖ ਕੋ ਕੀਓ ਨ ਕੋਇ ॥
ਕਹੁ ਨਾਨਕ ਸੁਨਿ ਰੇ ਮਨਾ ਹਰਿ ਭਾਵੈ ਸੋ ਹੋਇ ॥੩੯॥

ਜਗਤੁ ਭਿਖਾਰੀ ਫਿਰਤੁ ਹੈ ਸਭ ਕੋ ਦਾਤਾ ਰਾਮੁ ॥
ਕਹੁ ਨਾਨਕ ਮਨ ਸਿਮਰਿ ਤਿਹ ਪੂਰਨ ਹੋਵਹਿ ਕਾਮ ॥੪੦॥

ਝੂਠੈ ਮਾਨੁ ਕਹਾ ਕਰਹਿ ਜਗੁ ਸੁਪਨੇ ਜਿਉ ਜਾਨੁ ॥
ਇਨ ਮਹਿ ਕਛੁ ਤੇਰੋ ਨਹੀ ਨਾਨਕ ਕਹਿਓ ਬਖਾਨੁ ॥੪੧॥

ਗਰਬੁ ਕਰਤੁ ਹੈ ਦੇਹ ਕੋ ਬਿਨਸੈ ਛਿਨ ਮਹਿ ਮੀਤ ॥
ਜਿਹ ਪ੍ਰਾਨੀ ਹਰਿ ਜਸੁ ਕਹਿਓ ਨਾਨਕ ਤਿਹ ਜਗੁ ਜੀਤਿ ॥੪੨॥

ਜਿਹ ਘਟਿ ਸਿਮਰਨੁ ਰਾਮ ਕੋ ਸੋ ਨਰੁ ਮੁਕਤਾ ਜਾਨੁ ॥
ਤਿਹ ਨਰ ਹਰਿ ਅੰਤਰੁ ਨਹੀ ਨਾਨਕ ਸਾਚੀ ਮਾਨੁ ॥੪੩॥

ਏਕ ਭਗਤਿ ਭਗਵਾਨ ਜਿਹ ਪ੍ਰਾਨੀ ਕੈ ਨਾਹਿ ਮਨਿ ॥
ਜੈਸੇ ਸੂਕਰ ਸੁਆਨ ਨਾਨਕ ਮਾਨੋ ਤਾਹਿ ਤਨੁ ॥੪੪॥

ਸੁਆਮੀ ਕੋ ਗ੍ਰਿਹੁ ਜਿਉ ਸਦਾ ਸੁਆਨ ਤਜਤ ਨਹੀ ਨਿਤ ॥
ਨਾਨਕ ਇਹ ਬਿਧਿ ਹਰਿ ਭਜਹੁ ਇਕ ਮਨਿ ਹੁਇ ਇਕ ਚਿਤਿ ॥੪੫॥

ਤੀਰਥ ਬਰਤ ਅਰੁ ਦਾਨ ਕਰਿ ਮਨ ਮਹਿ ਧਰੈ ਗੁਮਾਨੁ ॥
ਨਾਨਕ ਨਿਹਫਲ ਜਾਤ ਤਿਹ ਜਿਉ ਕੁੰਚਰ ਇਸਨਾਨੁ ॥੪੬॥

ਸਿਰੁ ਕੰਪਿਓ ਪਗ ਡਗਮਗੇ ਨੈਨ ਜੋਤਿ ਤੇ ਹੀਨ ॥
ਕਹੁ ਨਾਨਕ ਇਹ ਬਿਧਿ ਭਈ ਤਊ ਨ ਹਰਿ ਰਸਿ ਲੀਨ ॥੪੭॥

ਨਿਜ ਕਰਿ ਦੇਖਿਓ ਜਗਤ ਮਹਿ ਕੋ ਕਾਹੂ ਕੋ ਨਾਹਿ ॥
ਨਾਨਕ ਥਿਰੁ ਹਰਿ ਭਗਤਿ ਹੈ ਤਿਹ ਰਾਖਹੁ ਮਨ ਮਾਹਿ ॥੪੮॥

ਜਗ ਰਚਨਾ ਸਭ ਝੂਠ ਹੈ ਜਾਨਿ ਲੇਹੁ ਰੇ ਮੀਤ ॥
ਕਹਿ ਨਾਨਕ ਥਿਰੁ ਨਾ ਰਹੈ ਜਿਉ ਬਾਲੂ ਕੀ ਭੀਤਿ ॥੪੯॥

ਰਾਮੁ ਗਇਓ ਰਾਵਨੁ ਗਇਓ ਜਾ ਕੋ ਬਹੁ ਪਰਵਾਰ ॥
ਕਹੁ ਨਾਨਕ ਥਿਰੁ ਕਛੁ ਨਹੀ ਸੁਪਨੇ ਜਿਉ ਸੰਸਾਰੁ ॥੫੦॥

ਚਿੰਤਾ ਤਾ ਕੀ ਕੀਜੀਐ ਜੋ ਅਨਹੋਨੀ ਹੋਇ ॥
ਇਹੁ ਮਾਰਗੁ ਸੰਸਾਰ ਕੋ ਨਾਨਕ ਥਿਰੁ ਨਹੀ ਕੋਇ ॥੫੧॥

ਜੋ ਉਪਜਿਓ ਸੋ ਬਿਨਸਿ ਹੈ ਪਰੋ ਆਜੁ ਕੈ ਕਾਲਿ ॥
ਨਾਨਕ ਹਰਿ ਗੁਨ ਗਾਇ ਲੇ ਛਾਡਿ ਸਗਲ ਜੰਜਾਲ ॥੫੨॥

ਦੋਹਰਾ ॥

ਬਲੁ ਛੁਟਕਿਓ ਬੰਧਨ ਪਰੇ ਕਛੂ ਨ ਹੋਤ ਉਪਾਇ ॥
ਕਹੁ ਨਾਨਕ ਅਬ ਓਟ ਹਰਿ ਗਜ ਜਿਉ ਹੋਹੁ ਸਹਾਇ ॥੫੩॥

ਬਲੁ ਹੋਆ ਬੰਧਨ ਛੁਟੇ ਸਭੁ ਕਿਛੁ ਹੋਤ ਉਪਾਇ ॥
ਨਾਨਕ ਸਭੁ ਕਿਛੁ ਤੁਮਰੇ ਹਾਥ ਮਹਿ ਤੁਮ ਹੀ ਹੋਤ ਸਹਾਇ ॥੫੪॥

ਸੰਗ ਸਖਾ ਸਭਿ ਤਜਿ ਗਏ ਕੋਊ ਨ ਨਿਬਹਿਓ ਸਾਥਿ ॥
ਕਹੁ ਨਾਨਕ ਇਹ ਬਿਪਤਿ ਮਹਿ ਟੇਕ ਏਕ ਰਘੁਨਾਥ ॥੫੫॥

ਨਾਮੁ ਰਹਿਓ ਸਾਧੂ ਰਹਿਓ ਰਹਿਓ ਗੁਰੁ ਗੋਬਿੰਦੁ ॥
ਕਹੁ ਨਾਨਕ ਇਹ ਜਗਤ ਮਹਿ ਕਿਨ ਜਪਿਓ ਗੁਰ ਮੰਤੁ ॥੫੬॥*

ਰਾਮ ਨਾਮੁ ਉਰ ਮਹਿ ਗਹਿਓ ਜਾ ਕੈ ਸਮ ਨਹੀ ਕੋਇ ॥
ਜਿਹ ਸਿਮਰਤ ਸੰਕਟ ਮਿਟਹਿ ਦਰਸੁ ਤੁਹਾਰੋ ਹੋਇ ॥੫੭॥੧॥

(ਅੰਗ: ੧੪੨੬-੧੪੨੯)

* ਪਦ-ਛੇਦ ਕਰਨ ਦਾ ਦੂਜਾ ਤਾਰੀਕਾ:-
ਕਹੁ ਨਾਨਕ ਇਹ ਜਗਤ ਮਹਿ ਕਿ ਨ ਜਪਿਓ ਗੁਰ ਮੰਤੁ ॥੫੬॥